SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 213 | Wednesday, 20 November 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਵਿਦਿਆਰਥੀਆਂ ਲਈ ਰਾਹਤ: ਬਿਨ੍ਹਾਂ ਵਰਕ ਪਰਮਿਟ ਦੇ 24 ਘੰਟੇ ਕੈਂਪਸ ਤੋਂ ਬਾਹਰ ਹਰ ਹਫ਼ਤੇ ਕਰ ਸਕਣਗੇ ਕੰਮ



ਓਟਵਾ, 19 ਨਵੰਬਰ (ਪੋਸਟ ਬਿਊਰੋ): ਕੈਨੇਡਾ ਵਿੱਚ ਪੜ੍ਹ ਰਹੇ ਭਾਰਤੀ ਵਿਦਿਆਰਥੀਆਂ ਸਣੇ ਸਾਰੇ ਵਿਦੇਸ਼ੀ ਵਿਦਿਆਰਥੀਆਂ ਲਈ ਰਾਹਤ ਦੀ ਖ਼ਬਰ ਸਾਹਮਣੇ ਆਈ ਹੈ। ਹੁਣ ਵਿਦਿਆਰਥੀਆਂ ਬਿਨ੍ਹਾਂ ਵਰਕ ਪਰਮਿਟ ਦੇ ਹਰ ਹਫ਼ਤੇ 24 ਘੰਟੇ ਕੈਂਪਸ ਤੋਂ ਬਾਹਰ ਕੰਮ ਕਰ ਸਕਣਗੇ। ਪਹਿਲਾਂ ਇਹ ਸੀਮਾ 20 ਘੰਟਿਆਂ ਤੱਕ ਸੀ। ਇਸ ਬਦਲਾਅ ਦਾ ਐਲਾਨ ਇਮੀਗ੍ਰੇਸ਼ਨ, ਸਿਟੀਜ਼ਨਸ਼ਿਪ ਕੈਨੇਡਾ (ੀ੍ਰਛਛ) ਵੱਲੋਂ ਕੀਤਾ ਗਿਆ ਹੈ।

ਆਈਆਰਸੀਸੀ ਮੰਤਰੀ ਮਾਰਕ ਮਿਲਰ ਨੇ ਕਿਹਾ ਕਿ ਇਸ ਬਦਲਾਅ ਦਾ ਉਦੇਸ਼ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ ਕਰਦੇ ਹੋਏ ਕੈਨੇਡੀਅਨ ਕੰਮ ਦਾ ਤਜ਼ਰਬਾ ਹਾਸਿਲ ਕਰਨ ਦਾ ਮੌਕਾ ਦੇਣਾ ਹੈ। ਇਹ ਕਦਮ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪੜ੍ਹਾਈ ਅਤੇ ਵਿੱਤੀ ਲੋੜਾਂ ਵਿੱਚ ਮਦਦ ਕਰੇਗਾ। ਭਾਰਤੀ ਵਿਦਿਆਰਥੀਆਂ ਨੂੰ ਇਸ ਦਾ ਸਿੱਧਾ ਫਾਇਦਾ ਹੋਵੇਗਾ ਕਿਉਂਕਿ ਉਹ ਹੁਣ ਜ਼ਿਆਦਾ ਘੰਟੇ ਕੰਮ ਕਰਕੇ ਨਾ ਸਿਰਫ ਆਪਣੀ ਕਮਾਈ ਵਧਾ ਸਕਣਗੇ, ਸਗੋਂ ਜ਼ਰੂਰੀ ਕੰਮ ਦਾ ਤਜ਼ਰਬਾ ਵੀ ਹਾਸਿਲ ਕਰ ਸਕਣਗੇ।

ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਪ੍ਰਵਾਸ ਨੀਤੀ ਦੀ ਦੁਰਵਰਤੋਂ ਨੂੰ ਮੰਨਿਆ ਹੈ। ਉਨ੍ਹਾਂ ਕਿਹਾ ਕਿ ਕੁਝ ਲੋਕ ਝੂਠੇ ਵਾਅਦਿਆਂ ਰਾਹੀਂ ਪ੍ਰਵਾਸੀਆਂ ਨੂੰ ਨੌਕਰੀਆਂ, ਡਿਪਲੋਮੇ ਅਤੇ ਨਾਗਰਿਕਤਾ ਦੇ ਆਸਾਨ ਰਸਤੇ ਦਾ ਝਾਂਸਾ ਦੇ ਕੇ ਉਨ੍ਹਾਂ ਦਾ ਸ਼ੋਸ਼ਣ ਕਰ ਰਹੇ ਹਨ। ਇਨ੍ਹਾਂ ਸਮੱਸਿਆਵਾਂ ਨੂੰ ਰੋਕਣ ਅਤੇ ਪ੍ਰਵਾਸੀਆਂ ਦੀ ਗਿਣਤੀ ਨੂੰ ਕੰਟਰੋਲ ਕਰਨ ਲਈ ਨੀਤੀ ਵਿੱਚ ਬਦਲਾਅ ਕੀਤਾ ਗਿਆ ਹੈ।

## 85 ਸਾਲਾ ਔਰਤ ਦੀ ਮੰਗਣੀ ਦੀ ਅੰਗੂਠੀ ਲੁੱਟੀ



ਵੈਨਕੂਵਰ, 19 ਨਵੰਬਰ (ਪੋਸਟ ਬਿਊਰੋ): ਪੁਲਿਸ ਅਧਿਕਾਰੀਆਂ ਨੇ ਦੱਸਿਆ ਹੈ ਕਿ ਸੋਮਵਾਰ ਦੁਪਹਿਰ ਨੂੰ ਐਬਾਟਸਫੋਰਡ ਪਾਰਕਿੰਗ ਵਿੱਚ 85 ਸਾਲਾ ਔਰਤ ਦੀ ਮੰਗਣੀ ਦੀ ਅੰਗੂਠੀ ਜ਼ਬਰਨ ਉਸਦੇ ਹੱਥ ਵਿਚੋਂ ਖੋਹ ਲਈ ਗਈ। ਦੁਪਹਿਰ 1 ਵਜੇ ਲੁੱਟ ਦੀ ਰਿਪੋਰਟ ਲਈ ਸਾਊਥ ਫਰੇਜਰ ਵੇਅ ਦੇ 32900 ਬਲਾਕ ਵਿੱਚ ਪੁਲਿਸ ਨੂੰ ਘਟਨਾ ਸਥਾਨ 'ਤੇ ਬੁਲਾਇਆ ਗਿਆ। ਇਸ ਘਟਨਾ ਬਾਰੇ ਐਬਾਟਸਫੋਰਡ ਪੁਲਿਸ ਵਿਭਾਗ ਵੱਲੋਂ ਸੋਸ਼ਲ ਮੀਡਿਆ 'ਤੇ ਪੋਸਟ ਕੀਤੀ ਗਈ ਪੋਸਟ ਵਿੱਚ ਉਸ ਕਮਰਸ਼ੀਅਲ ਕੰਪਲੈਕਸ ਦਾ ਨਾਮ ਨਹੀਂ ਦੱਸਿਆ ਗਿਆ ਹੈ, ਜਿੱਥੇ ਇਹ ਲੁੱਟ ਹੋਈ ਸੀ, ਪਰ ਪਤਾ ਸੇਵਨਓਕਸ ਸ਼ਾਪਿੰਗ ਸੈਂਟਰ ਨਾਲ ਮੇਲ ਖਾਂਦਾ ਹੈ। ਪੁਲਿਸ ਵਿਭਾਗ ਵੱਲੋਂ ਇੱਕ ਸ਼ੱਕੀ ਅਤੇ ਇੱਕ ਵਾਹਨ ਦੀ ਤਸਵੀਰ ਆਨਲਾਈਨ ਪੋਸਟ ਕੀਤੀ ਗਈ।

## ਸੈਂਟਰਲ ਸਕਾਰਬੋਰੋ ਵਿੱਚ ਹਾਦਸੇ 'ਚ ਦੋ ਲੋਕ ਜ਼ਖ਼ਮੀ

ਟੋਰਾਂਟੋ, 19 ਨਵੰਬਰ (ਪੋਸਟ ਬਿਊਰੋ): ਪੈਰਾਮੇਡਿਕਸ ਨੇ ਦੱਸਿਆ ਕਿ ਸੈਂਟਰਲ ਸਕਾਰਬੋਰੋ ਵਿੱਚ ਹੋਏ ਹਾਦਸੇ ਵਿੱਚ ਦੋ ਲੋਕ ਜ਼ਖ਼ਮੀ ਹੋਏ ਹਨ।

ਹਾਦਸਾ ਸੋਮਵਾਰ ਦੁਪਹਿਰ ਨੂੰ ਸਕਾਰਬੋਰੋ ਟਾਊਨ ਸੈਂਟਰ ਦੇ ਆਸਪਾਸ, ਪ੍ਰੋਗਰੈੱਸ ਏਵੇਨਿਊ ਅਤੇ ਸ਼ੇਪਰਡ ਏਵੇਨਿਊ ਈਸਟ ਕੋਲ ਹੋਇਆ। ਟੋਰਾਂਟੋ ਪੁਲਿਸ ਨੇ ਦੱਸਿਆ ਕਿ ਦੋ ਵਾਹਨਾਂ ਦੀ ਟੱਕਰ ਦੀ ਰਿਪੋਰਟ ਤੋਂ ਬਾਅਦ ਉਨ੍ਹਾਂ ਨੂੰ ਸ਼ਾਮ 4:52 ਵਜੇ ਉਸ ਖੇਤਰ ਵਿੱਚ ਬੁਲਾਇਆ ਗਿਆ ਸੀ।

ਪੁਲਿਸ ਨੇ ਦੱਸਿਆ ਕਿ ਦੋਵੇਂ ਚਾਲਕ ਘਟਨਾ ਸਥਲ 'ਤੇ ਹੀ ਸਨ। ਪੈਰਾਮੇਡਿਕਸ ਨੇ ਦੱਸਿਆ ਕਿ ਉਨ੍ਹਾਂ ਨੇ ਦੋ ਜ਼ਖਮੀਆਂ ਨੂੰ ਟਰਾਮਾ ਸੈਂਟਰ ਪਹੁੰਚਾਇਆ। 50 ਸਾਲਾ ਇੱਕ ਵਿਅਕਤੀ ਨੂੰ ਗੰਭੀਰ ਸੱਟਾਂ ਨਾਲ ਟਰਾਮਾ ਸੈਂਟਰ ਲਿਜਾਇਆ ਗਿਆ ਅਤੇ ਇੱਕ ਅਣਪਛਾਤੇ ਬਾਲਗ ਨੂੰ ਮਾਮੂਲੀ ਸੱਟਾਂ ਦੇ ਚਲਦੇ ਸਥਾਨਕ ਹਸਪਤਾਲ ਲਿਜਾਇਆ ਗਿਆ।

## ਟੋਰਾਂਟੋ 'ਚ ਚੋਰੀ ਦੀ ਗੱਡੀ ਟੀਟੀਸੀ ਬਸ ਨਾਲ ਟਕਰਾਈ, 9 ਲੋਕ ਜ਼ਖ਼ਮੀ



ਟੋਰਾਂਟੋ, 19 ਨਵੰਬਰ (ਪੋਸਟ ਬਿਊਰੋ): ਟੋਰਾਂਟੋ ਪੁਲਿਸ ਨੇ ਦੱਸਿਆ ਕਿ ਸੋਮਵਾਰ ਸਵੇਰੇ ਨਾਰਥ ਯਾਰਕ ਵਿੱਚ ਚੋਰੀ ਕੀਤੀ ਗਈ ਗੱਡੀ ਟੀਟੀਸੀ ਬਸ ਨਾਲ ਟਕਰਾਅ ਗਈ, ਜਿਸ ਵਿੱਚ ਦੋ ਲੋਕ ਗੰਭੀਰ ਜ਼ਖ਼ਮੀ ਹੋ ਗਏ। ਇਹ ਦੁਰਘਟਨਾ ਬਾਥਰਸਟ ਸਟਰੀਟ ਅਤੇ ਵਿਲਸਨ ਏਵੇਨਿਊ ਦੇ ਇਲਾਕੇ ਵਿੱਚ ਸਵੇਰੇ 2 ਵਜੇ ਦੇ ਲਗਭਗ ਹੋਈ। ਘਟਨਾ ਸਥਾਨ 'ਤੇ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਡਿਊਟੀ ਅਧਿਕਾਰੀ ਬਰਾਇਨ ਮੈਸਲੋਵਸਕੀ ਨੇ ਕਿਹਾ ਕਿ ਸ਼ੁਰੂਆਤੀ ਜਾਣਕਾਰੀ ਤੋਂ ਪਤਾ ਚੱਲਿਆ ਹੈ ਕਿ ਦੋ ਵਾਹਨ, ਇੱਕ ਕਾਲੀ ਐੱਸਯੂਵੀ ਅਤੇ ਇੱਕ ਸਫੇਦ ਬੀਐੱਮਡਬਲਯੂ, ਵਿਲਸਨ ਏਵੇਨਿਊ ਨਾਲ ਤੇਜ਼ ਰਫ਼ਤਾਰ ਨਾਲ ਸਫਰ ਕਰ ਰਹੇ ਸਨ। ਮੈਸਲੋਵਸਕੀ ਨੇ ਦੱਸਿਆ ਕਿ ਜਦੋਂ ਦੋਵੇਂ ਕਾਰਾਂ ਬਾਥਰਸਟ ਸਟਰੀਟ ਦੇ ਚੁਰਾਸਤੇ 'ਤੇ ਪਹੁੰਚੀਆਂ ਤਾਂ ਕਾਲੀ ਐੱਸਯੂਵੀ ਨੇ ਚੁਰਾਸਤੇ ਨੂੰ ਪਾਰ ਕਰ ਲਿਆ, ਪਰ ਬੀਐੱਡਬਲਯੂ ਨੇ ਨਹੀਂ ਕੀਤਾ। ਬੀਐੱਮਡਬਲਯੂ ਨੇ ਦੱਖਣ ਵੱਲ ਜਾ ਰਹੀ ਟੀਟੀਸੀ ਬਸ ਦੇ ਡਰਾਈਵਰ ਵੱਲ ਟੱਕਰ ਮਾਰੀ ਅਤੇ ਟੱਕਰ ਨਾਲ ਟੀਟੀਸੀ ਵਾਹਨ ਘੁੰਮ ਗਿਆ ਅਤੇ ਉੱਤਰ ਵੱਲ ਮੁੜ ਗਿਆ।

ਉਨ੍ਹਾਂ ਨੇ ਦੱਸਿਆ ਕਿ ਅਧਿਕਾਰੀ ਤੁਰੰਤ ਘਟਨਾ ਸਥਾਨ ਉੱਤੇ ਪਹੁੰਚੇ ਅਤੇ ਬੀਐੱਮਡਬਲਯੂ ਨੂੰ ਅੱਗ ਦੀਆਂ ਲਪਟਾਂ ਵਿੱਚ ਦੇਖਿਆ। ਅਧਿਕਾਰੀ ਵਾਹਨ ਵਿਚੋਂ ਦੋ ਲੋਕਾਂ ਨੂੰ ਬਾਹਰ ਕੱਢਣ ਅਤੇ ਅੱਗ ਬੁਝਾਉਣ ਵਿਚ ਸਫਲ ਰਹੇ। ਮੈਸਲੋਵਸਕੀ ਨੇ ਕਿਹਾ ਕਿ ਵਾਹਨ ਵਿੱਚ ਸਵਾਰ ਦੋ ਹੋਰ ਲੋਕਾਂ ਨੂੰ ਟੋਰਾਂਟੋ ਦੇ ਫਾਇਰਕਰਮੀਆਂ ਵੱਲੋਂ ਬਾਹਰ ਕੱਢਿਆ ਗਿਆ। ਬੀਐੱਮਡਬਲਯੂ ਵਿੱਚ ਸਵਾਰ ਦੋ ਲੋਕਾਂ ਨੂੰ ਗੰਭੀਰ ਹਾਲਤ ਵਿੱਚ ਟਰਾਮਾ ਸੈਂਟਰ ਲਿਜਾਇਆ ਗਿਆ। ਮੈਸਲੋਵਸਕੀ ਨੇ ਕਿਹਾ ਕਿ ਟੀਟੀਸੀ ਬਸ ਵਿੱਚ ਸਵਾਰ ਚਾਲਕ ਅਤੇ ਚਾਰ ਮੁਸਾਫਰਾਂ ਨੂੰ ਮਾਮੂਲੀ ਸੱਟਾਂ ਲੱਗੀਆਂ, ਜਿਨ੍ਹਾਂ ਵਿੱਚ ਇੱਕ ਔਰਤ ਵੀ ਸ਼ਾਮਿਲ ਹੈ, ਜਿਸਨੂੰ ਬਸ ਵਿਚੋਂ ਬਾਹਰ ਕੱਢਿਆ ਗਿਆ।

ਪੁਲਿਸ ਨੇ ਕਿਹਾ ਕਿ ਕਾਲੀ ਐੱਸਯੂਵੀ ਦਾ ਚਾਲਕ ਘਟਨਾ ਸਥਾਨ 'ਤੇ ਨਹੀਂ ਸੀ ਅਤੇ ਜਾਂਚਕਰਤਾ ਹਾਲੇ ਵੀ ਉਸ ਵਾਹਨ ਦੀ ਭਾਲ ਕਰ ਰਹੇ ਹਨ।

ਓਂਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਨੇ ਫੈਡਰਲ ਸਰਕਾਰ 'ਤੇ ਦੋਸ਼ ਲਗਾਇਆ ਹੈ ਕਿ ਟੋਰਾਂਟੋ ਪੁਲਿਸ ਐਸੋਸੀਏਸ਼ਨ ਦੀ ਰਿਪੋਰਟ ਤੋਂ ਬਾਅਦ ਜ਼ਮਾਨਤ ਪ੍ਰਕਿਰਿਆ ਨੂੰ ਮਜਬੂਤ ਕਰਨ ਲਈ ਜ਼ਿਆਦਾ ਕੁਝ ਨਹੀਂ ਕੀਤਾ ਗਿਆ ਹੈ ਕਿ ਇਸ ਟੱਕਰ ਵਿੱਚ ਸ਼ਾਮਿਲ ਚੋਰੀ ਕੀਤੀ ਗਈ ਬੀਐੱਮਡਬਲਯੂ ਵਿੱਚ ਸਵਾਰ ਚਾਰ ਆਦਮੀਆਂ ਵਿੱਚੋਂ ਦੋ ਜ਼ਮਾਨਤ 'ਤੇ ਬਾਹਰ ਹਨ। ਪੁਲਿਸ ਨੇ ਟੱਕਰ ਸਮੇਂ ਇਲਾਕੇ ਵਿੱਚ ਮੌਜੂਦ ਕਿਸੇ ਵੀ ਵਿਅਕਤੀ ਵੱਲੋਂ ਡੈਸ਼ ਕੈਮਰਾ ਫੁਟੇਜ ਦੇ ਨਾਲ ਪੁਲਿਸ ਨਾਲ ਸੰਪਰਕ ਕਰਨ ਲਈ ਕਿਹਾ ਹੈ।

MagGas Medical Brampton
MGM
MAGGAS MEDICAL INC.
Helping you breathe deep and rest easy.
• CPAP ਮਸ਼ੀਨ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

ਨਵਾਂ ਘਾਹ ਲਵਾਉ | 647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



## ਅੱਜ ਨਾਮਾ

ਵਧ ਗਈ ਠੰਢ ਤੇ ਧੁੰਦ ਵੀ ਵਧੀ ਬਾਹਲੀ,
ਮੀਟਰਾਂ ਦਸਾਂ ਤੱਕ ਨਜ਼ਰ ਨਾ ਜਾਏ ਬੇਲੀ।
ਮੀਟਰਾਂ ਦਸਾਂ ਤੱਕ ਜਿਹੜੀ ਬਰੇਕ ਲੱਗਦੀ,
ਤਿਲਕੀ ਧੁੰਦ ਵਿੱਚ ਕਾਬੂ ਨਾ ਆਏ ਬੇਲੀ।
ਬਦਲਦਾ ਲੋਕਾਂ ਦਾ ਅਜੇ ਸੁਭਾਅ ਨਹੀਉਂ,
ਲਾ-ਲਾ ਤਾਣ ਕੋਈ ਲੱਖ ਸਮਝਾਏ ਬੇਲੀ।
ਇਹੀ ਤਾਂ ਕਾਰਨ ਕਿ ਹਾਦਸੇ ਬਹੁਤ ਹੁੰਦੇ,
ਘਰੋ-ਘਰ ਸੱਥਰ ਵੀ ਪਏ ਵਿਛਾਏ ਬੇਲੀ।
ਕਰਨੀ ਲੋਕਾਂ ਨੂੰ ਸਮਝ ਕੁਝ ਚਾਹੀਦੀ ਆ,
ਸਖਤੀ ਨਿਯਮ ਲਈ ਕਰੇ ਸਰਕਾਰ ਬੇਲੀ।
ਮਾਪੇ ਆਪ ਸਮਝਾਉਣ ਇਹ ਬੱਚਿਆਂ ਨੂੰ,
ਕਰੋ ਕੁਝ ਜੀਵਨ ਦੇ ਨਾਲ ਪਿਆਰ ਬੇਲੀ।

**ਤੀਸ ਮਾਰ ਖਾਂ**

# ਯੂਕਰੇਨ ਨੇ ਰੂਸ ’ਤੇ ਅਮਰੀਕੀ ਮਿਜ਼ਾਈਲਾਂ ਦਾਗੀਆਂ, ਬਿਡੇਨ ਨੇ ਪਾਬੰਦੀ ਹਟਾਈ




ਮਾਸਕੋ, 19 ਨਵੰਬਰ (ਪੋਸਟ ਬਿਊਰੋ): ਰੂਸ ਨੇ ਦਾਅਵਾ ਕੀਤਾ ਹੈ ਕਿ ਪਹਿਲੀ ਵਾਰ ਯੂਕਰੇਨ ਨੇ ਅਮਰੀਕਾ ਤੋਂ ਪ੍ਰਾਪਤ ਲੰਬੀ ਦੂਰੀ ਦੀਆਂ ਮਿਜ਼ਾਈਲਾਂ ਨੂੰ ਆਪਣੇ ਖੇਤਰ ਵਿੱਚ ਦਾਗੀ ਹੈ। ਨਿਊਯਾਰਕ ਟਾਈਮਜ਼ ਦੀ ਰਿਪੋਰਟ ਦੇ ਮੁਤਾਬਕ, ਰੂਸ ਦੇ ਰੱਖਿਆ ਮੰਤਰਾਲੇ ਨੇ ਕਿਹਾ ਕਿ ਯੂਕਰੇਨ ਨੇ ਮੰਗਲਵਾਰ ਸਵੇਰੇ ਬ੍ਰਾਇੰਸਕ ਖੇਤਰ ਵਿੱਚ ਛੇ ਲੰਬੀ ਦੂਰੀ ਦੀ ਆਰਮੀ ਟੈਕਟੀਕਲ ਮਿਜ਼ਾਈਲ ਸਿਸਟਮ (ਏਟੀਏਸੀਐੱਮਐੱਸ) ਮਿਜ਼ਾਈਲਾਂ ਦਾਗੀਆਂ।

ਰੂਸ ਨੇ ਕਿਹਾ ਕਿ ਉਨ੍ਹਾਂ ਨੇ 5 ਮਿਜ਼ਾਈਲਾਂ ਨੂੰ ਡੇਗਿਆ ਹੈ। ਰਿਪੋਰਟ ਮੁਤਾਬਕ ਯੂਕਰੇਨੀ ਅਤੇ ਅਮਰੀਕੀ ਅਧਿਕਾਰੀਆਂ ਨੇ ਵੀ ਰੂਸ 'ਤੇ  ਦੀ ਵਰਤੋਂ ਦੀ ਪੁਸ਼ਟੀ ਕੀਤੀ ਹੈ। ਅਮਰੀਕਾ ਅਤੇ ਯੂਕਰੇਨ ਸਰਕਾਰਾਂ ਨੇ ਇਸ ਮਾਮਲੇ 'ਤੇ ਕੋਈ ਬਿਆਨ ਨਹੀਂ ਦਿੱਤਾ ਹੈ।

ਰੂਸੀ ਰਾਸ਼ਟਰਪਤੀ ਪੁਤਿਨ ਨੇ ਸਤੰਬਰ 'ਚ ਅਮਰੀਕਾ ਨੂੰ ਧਮਕੀ ਦਿੱਤੀ ਸੀ ਕਿ ਜੇਕਰ ਅਮਰੀਕਾ ਨੇ ਲੰਬੀ ਦੂਰੀ ਦੇ ਹਥਿਆਰਾਂ ਦੀ ਵਰਤੋਂ ਨੂੰ ਮਨਜ਼ੂਰੀ ਦਿੱਤੀ ਤਾਂ ਪ੍ਰਮਾਣੂ ਯੁੱਧ ਛਿੜ ਜਾਵੇਗਾ।

ਇੱਕ ਸੁਪਰਸੋਨਿਕ ਬੈਲਿਸਟਿਕ ਮਿਜ਼ਾਈਲ ਸਿਸਟਮ ਹੈ। ਇਹ 300 ਕਿਲੋਮੀਟਰ ਤੱਕ ਸਟੀਕ ਹਮਲਾ ਕਰ ਸਕਦਾ ਹੈ।

# ਜੂਨੀਅਰ ਟਰੰਪ ਨੇ ਬਾਇਡਨ ’ਤੇ ਲਾਇਆ ਦੋਸ਼, ਕਿਹਾ- ਬਾਇਡਨ ਤੀਜਾ ਵਿਸ਼ਵ ਯੁੱਧ ਸ਼ੁਰੂ ਕਰਨਾ ਚਾਹੁੰਦੇ ਹਨ




ਨਿਊਯਾਰਕ, 19 ਨਵੰਬਰ (ਪੋਸਟ ਬਿਊਰੋ): ਆਪਣਾ ਅਹੁਦਾ ਛੱਡਣ ਤੋਂ ਦੋ ਮਹੀਨੇ ਪਹਿਲਾਂ ਇੱਕ ਵੱਡਾ ਫੈਸਲਾ ਲੈਂਦੇ ਹੋਏ ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨੇ ਯੂਕਰੇਨ ਨੂੰ ਰੂਸੀ ਟਿਕਾਣਿਆਂ 'ਤੇ ਹਮਲਾ ਕਰਨ ਲਈ ਲੰਬੀ ਦੂਰੀ ਦੀਆਂ ਮਿਜ਼ਾਈਲਾਂ ਦੀ ਵਰਤੋਂ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ।

ਇਨ੍ਹਾਂ ਮਿਜ਼ਾਈਲਾਂ ਦੀ ਵਰਤੋਂ ਪੱਛਮੀ ਰੂਸ ਦੇ ਕੁਰਸਕ ਵਿੱਚ ਰੂਸੀ ਅਤੇ ਉੱਤਰੀ ਕੋਰੀਆ ਦੇ ਹਮਲਿਆਂ ਤੋਂ ਯੂਕਰੇਨੀ ਬਲਾਂ ਦੀ ਰੱਖਿਆ ਲਈ ਕੀਤੀ ਜਾ ਸਕਦੀ ਹੈ। ਬਾਇਡਨ ਦੇ ਇਸ ਫੈਸਲੇ ਦੀ ਰਿਪਬਲਿਕਨ ਪਾਰਟੀ ਵੱਲੋਂ ਸਖ਼ਤ ਆਲੋਚਨਾ ਕੀਤੀ ਗਈ ਹੈ।
ਟਰੰਪ ਜੂਨੀਅਰ, ਡੋਨਾਲਡ ਟਰੰਪ ਦੇ ਵੱਡੇ ਪੁੱਤਰ, ਨੇ ਕਿਹਾ ਕਿ ਫੌਜੀ ਉਦਯੋਗਿਕ ਕੰਪਲੈਕਸ ਇਹ ਯਕੀਨੀ ਬਣਾਉਣਾ ਚਾਹੁੰਦਾ ਹੈ ਕਿ ਮੇਰੇ ਪਿਤਾ ਨੂੰ ਸ਼ਾਂਤੀ ਬਣਾਉਣ ਅਤੇ ਜਾਨਾਂ ਬਚਾਉਣ ਦਾ ਮੌਕਾ ਮਿਲਣ ਤੋਂ ਪਹਿਲਾਂ ਵਿਸ਼ਵ ਯੁੱਧ ਸ਼ੁਰੂ ਹੋ ਜਾਵੇ।

ਉਨ੍ਹਾਂ ਕਿਹਾ ਕਿ ਹਾਰ ਤੋਂ ਪ੍ਰੇਸ਼ਾਨ ਬਾਇਡਨ ਜਾਣਬੁੱਝ ਕੇ ਜੰਗ ਭੜਕਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਅਮਰੀਕੀ ਕਾਰੋਬਾਰੀ ਐਲੋਨ ਮਸਕ ਸਮੇਤ ਕਈ ਨੇਤਾਵਾਂ ਨੇ ਗੁੱਸਾ ਜ਼ਾਹਿਰ ਕੀਤਾ ਹੈ।

# ਚੋਰੀ ਦੇ ਮਾਮਲੇ ’ਚ ਸ਼ੱਕੀ ’ਤੇ ਲੱਗੇ ਚਾਰਜਿਜ਼



ਟੋਰਾਂਟੋ, 19 ਨਵੰਬਰ (ਪੋਸਟ ਬਿਊਰੋ): ਪੀਲ ਰੀਜਨਲ ਪੁਲਿਸ ਦਾ ਕਹਿਣਾ ਹੈ ਕਿ ਇੱਕ ਸ਼ੱਕੀ ’ਤੇ ਅਲੱਗ-ਅਲੱਗ ਐੱਲਸੀਬੀਓ ਸਟੋਰਾਂ ਵਿਚੋਂ ਲਗਭਗ 63 ਹਜ਼ਾਰ ਡਾਲਰ ਕੀਮਤ ਦੀਆਂ ਵਸਤੂਆਂ ਦੀ ਚੋਰੀ ਦੇ ਮਾਮਲੇ ਵਿੱਚ ਚਾਰਜਿਜ਼ ਲਗਾਏ ਗਏ ਹਨ।

ਪੁਲਿਸ ਨੇ ਦੱਸਿਆ ਕਿ ਚੋਰੀ ਦੀਆਂ ਇਹ ਵਾਰਦਾਤਾਂ ਇਸ ਸਾਲ ਅਪ੍ਰੈਲ ਤੋਂ ਨਵੰਬਰ ਵਿਚਕਾਰ ਪੀਲ ਰੀਜਨ ਅਤੇ ਗਰੇਟਰ ਟੋਰਾਂਟੋ ਖੇਤਰ ਦੇ ਹੋਰ ਹਿੱਸਿਆਂ ਵਿਚ ਹੋਈਆਂ ਸਨ। ਇਸ ਮਾਮਲੇ ਵਿੱਚ 17 ਨਵੰਬਰ ਨੂੰ ਇੱਕ ਸ਼ੱਕੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ।

ਪੁਲਿਸ ਨੇ ਦੱਸਿਆ ਕਿ 38 ਸਾਲਾ ਅਬਦੁਲ ਅਜੀਜ ਅਦੇਲ, ਜਿਸਦਾ ਕੋਈ ਪਤਾ ਨਹੀਂ ਹੈ, ’ਤੇ ਹੁਣ 5,000 ਡਾਲਰ ਤੋਂ ਜ਼ਿਆਦਾ ਦੀ ਚੋਰੀ, ਗ੍ਰਿਫ਼ਤਾਰੀ ਦਾ ਵਿਰੋਧ ਕਰਨ ਦੇ ਇਰਾਦੇ ਨਾਲ ਹਮਲਾ ਕਰਨ ਅਤੇ ਰਿਹਾਈ ਆਦੇਸ਼ ਦੀ ਪਾਲਣਾ ਨਾ ਕਰਨ ਦੇ ਦੋ ਮਾਮਲਿਆਂ ਵਿਚ ਚਾਰਜਿਜ਼ ਲਗਾਏ ਗਏ ਹਨ।

# ਰੂਸ ਨੇ ਕਿਹਾ- ਜਲਦੀ ਹੀ ਭਾਰਤ ਦਾ ਦੌਰਾ ਕਰਨਗੇ ਪੁਤਿਨ, ਤਰੀਕ ਤੈਅ ਕੀਤੀ ਜਾਵੇਗੀ



ਮਾਸਕੋ, 19 ਨਵੰਬਰ (ਪੋਸਟ ਬਿਊਰੋ): ਰੂਸ-ਯੂਕਰੇਨ ਯੁੱਧ ਤੋਂ ਬਾਅਦ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਪਹਿਲੀ ਵਾਰ ਭਾਰਤ ਦਾ ਦੌਰਾ ਕਰਨਗੇ। ਕ੍ਰੇਮਲਿਨ ਦੇ ਬੁਲਾਰੇ ਦਮਿਤਰੀ ਪੇਸਕੋਵ ਨੇ ਮੰਗਲਵਾਰ ਨੂੰ ਇਸ ਦੀ ਪੁਸ਼ਟੀ ਕੀਤੀ। ਉਨ੍ਹਾਂ ਦੱਸਿਆ ਕਿ ਉਹ ਜਲਦੀ ਹੀ ਪੁਤਿਨ ਦੇ ਦੌਰੇ ਦੀਆਂ ਤਰੀਕਾਂ ਦਾ ਐਲਾਨ ਕਰਨਗੇ। ਅਸੀਂ ਇਸ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ।

ਦਿਮਿਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੇ ਰੂਸ ਦੇ ਦੋ ਦੌਰਿਆਂ ਤੋਂ ਬਾਅਦ ਹੁਣ ਰਾਸ਼ਟਰਪਤੀ ਪੁਤਿਨ ਭਾਰਤ ਦੇ ਦੌਰੇ 'ਤੇ ਆ ਰਹੇ ਹਨ, ਇਸ ਲਈ ਅਸੀਂ ਇਸ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਾਂ। ਇਸ ਦੌਰਾਨ ਸਮਾਚਾਰ ਏਜੰਸੀ ਪੀਟੀਆਈ ਨੇ ਸੂਤਰਾਂ ਦੇ ਹਵਾਲੇ ਨਾਲ ਕਿਹਾ ਕਿ ਪੁਤਿਨ ਅਗਲੇ ਸਾਲ ਰੂਸ-ਭਾਰਤ ਸਾਲਾਨਾ ਸੰਮੇਲਨ ਵਿਚ ਆ ਸਕਦੇ ਹਨ।

ਪ੍ਰਧਾਨ ਮੰਤਰੀ ਮੋਦੀ ਇਸ ਸਾਲ ਦੋ ਵਾਰ ਰੂਸ ਦਾ ਦੌਰਾ ਕਰ ਚੁੱਕੇ ਹਨ। ਉਹ ਬ੍ਰਿਕਸ ਸੰਮੇਲਨ ਲਈ 22 ਅਕਤੂਬਰ ਨੂੰ ਰੂਸ ਗਏ ਸਨ। ਇਸ ਤੋਂ ਪਹਿਲਾਂ ਜੁਲਾਈ ਵਿੱਚ ਵੀ ਮੋਦੀ ਦੋ ਦਿਨਾਂ ਲਈ ਰੂਸ ਗਏ ਸਨ। ਫਿਰ ਉਨ੍ਹਾਂ ਪੁਤਿਨ ਨੂੰ ਭਾਰਤ ਆਉਣ ਦਾ ਸੱਦਾ ਦਿੱਤਾ।

ਇਸ ਤੋਂ ਪਹਿਲਾਂ ਰੂਸ ਦੇ ਰਾਸ਼ਟਰਪਤੀ ਪੁਤਿਨ 6 ਦਸੰਬਰ 2021 ਨੂੰ ਭਾਰਤ ਆਏ ਸਨ। ਉਹ ਸਿਰਫ 4 ਘੰਟੇ ਲਈ ਭਾਰਤ ਆਏ ਸਨ। ਇਸ ਦੌਰਾਨ ਭਾਰਤ ਅਤੇ ਰੂਸ ਵਿਚਾਲੇ 28 ਸਮਝੌਤਿਆਂ 'ਤੇ ਦਸਤਖਤ ਕੀਤੇ ਗਏ। ਇਸ ਵਿੱਚ ਫੌਜੀ ਅਤੇ ਤਕਨੀਕੀ ਸਮਝੌਤੇ ਸਨ। ਦੋਨਾਂ ਦੇਸ਼ਾਂ ਨੇ 2025 ਤੱਕ 30 ਅਰਬ ਡਾਲਰ (2 ਲੱਖ 53 ਹਜ਼ਾਰ ਕਰੋੜ ਰੁਪਏ) ਦੇ ਸਾਲਾਨਾ ਵਪਾਰ ਦਾ ਟੀਚਾ ਰੱਖਿਆ ਸੀ।

# ਪ੍ਰਧਾਨ ਮੰਤਰੀ ਮੋਦੀ ਨੇ ਜੀ-20 ’ਚ ਕਿਹਾ- ਜੰਗ ਕਾਰਨ ਦੁਨੀਆਂ ’ਚ ਅਨਾਜ ਸੰਕਟ, ਬਾਇਡਨ, ਮੈਕਰੋਂ, ਮੇਲੋਨੀ ਨਾਲ ਕੀਤੀ ਮੁਲਾਕਾਤ



ਰੀਓ ਡੀ ਜਨੇਰੀਓ, 19 ਨਵੰਬਰ (ਪੋਸਟ ਬਿਊਰੋ): ਬ੍ਰਾਜ਼ੀਲ ਦੀ ਰਾਜਧਾਨੀ ਰੀਓ ਡੀ ਜਨੇਰੀਓ 'ਚ ਸੋਮਵਾਰ ਨੂੰ ਜੀ-20 ਸੰਮੇਲਨ ਦੇ ਪਹਿਲੇ ਦਿਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਿਸ਼ਵ ਨੇਤਾਵਾਂ ਨਾਲ ਦੁਵੱਲੀ ਬੈਠਕ ਕੀਤੀ। ਮੋਦੀ ਨੇ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਂ, ਬ੍ਰਿਟਿਸ਼ ਪ੍ਰਧਾਨ ਮੰਤਰੀ ਕੀਰ ਸਟਾਰਮਰ, ਇਟਲੀ ਦੇ ਪ੍ਰਧਾਨ ਮੰਤਰੀ ਜਾਰਜੀਆ ਮੇਲੋਨੀ, ਪੁਰਤਗਾਲ ਦੇ ਪ੍ਰਧਾਨ ਮੰਤਰੀ ਲੁਈਸ ਮੋਂਟੇਨੇਗਰੋ, ਇੰਡੋਨੇਸ਼ੀਆ ਦੇ ਰਾਸ਼ਟਰਪਤੀ ਪ੍ਰਬੋਵੋ ਸੁਬੀਅਨੋ ਅਤੇ ਨਾਰਵੇ ਦੇ ਪ੍ਰਧਾਨ ਮੰਤਰੀ ਜੋਨਸ ਗੇਰ ਸਟੋਰ ਨਾਲ ਦੁਵੱਲੇ ਮੁੱਦਿਆਂ 'ਤੇ ਗੱਲਬਾਤ ਕੀਤੀ।

ਸਿਖਰ ਸੰਮੇਲਨ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਵਿਚਾਲੇ ਗੈਰ ਰਸਮੀ ਗੱਲਬਾਤ ਹੋਈ। ਪ੍ਰਧਾਨ ਮੰਤਰੀ ਮੋਦੀ ਨੇ ਜੀ-20 ਸੰਮੇਲਨ ਦੇ ਪਹਿਲੇ ਦੋ ਸੈਸ਼ਨਾਂ 'ਚ 'ਭੁੱਖਮਰੀ ਅਤੇ ਗਰੀਬੀ ਵਿਰੁੱਧ ਏਕਤਾ' ਅਤੇ 'ਸਰਕਾਰਾਂ ਦੇ ਕੰਮਕਾਜ 'ਚ ਸੁਧਾਰ' 'ਤੇ ਸੁਝਾਅ ਦਿੱਤੇ। ਉਨ੍ਹਾਂ ਕਿਹਾ ਕਿ ਜੰਗ ਕਾਰਨ ਵਿਸ਼ਵ ਵਿੱਚ ਅਨਾਜ ਸੰਕਟ ਹੈ। ਇਸ ਦਾ ਸਭ ਤੋਂ ਵੱਧ ਅਸਰ ਗਰੀਬ ਦੇਸ਼ਾਂ 'ਤੇ ਪਿਆ ਹੈ।

ਜੀ-20 ਸਿਖਰ ਸੰਮੇਲਨ ਦੇ ਪਹਿਲੇ ਸੈਸ਼ਨ ਦਾ ਵਿਸ਼ਾ 'ਭੁੱਖਮਰੀ ਅਤੇ ਗਰੀਬੀ ਵਿਰੁੱਧ ਏਕਤਾ' ਸੀ। ਪਹਿਲੇ ਸੈਸ਼ਨ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਮੋਦੀ ਨੇ ਜੀ-20 ਦੇ ਸਫਲ ਸੰਗਠਨ ਲਈ ਬ੍ਰਾਜ਼ੀਲ ਦੇ ਰਾਸ਼ਟਰਪਤੀ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਬ੍ਰਾਜ਼ੀਲ ਨੇ ਆਪਣੀ ਪ੍ਰਧਾਨਗੀ ਹੇਠ ਨਵੀਂ ਦਿੱਲੀ ਸੰਮੇਲਨ ਵਿੱਚ ਲਏ ਗਏ ਫੈਸਲਿਆਂ ਨੂੰ ਅੱਗੇ ਤੋਰਿਆ ਹੈ।

ਮੋਦੀ ਨੇ ਕਿਹਾ ਕਿ ਭਾਰਤ ਨੇ 10 ਸਾਲਾਂ ਵਿੱਚ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਲਿਆਂਦਾ ਹੈ। ਅਸੀਂ 80 ਕਰੋੜ ਲੋਕਾਂ ਨੂੰ ਮੁਫਤ ਅਨਾਜ ਦੇ ਰਹੇ ਹਾਂ। 55 ਕਰੋੜ ਲੋਕ ਮੁਫਤ ਸਿਹਤ ਬੀਮੇ ਦਾ ਲਾਭ ਲੈ ਰਹੇ ਹਨ। ਕਿਸਾਨਾਂ ਨੂੰ 20 ਅਰਬ ਡਾਲਰ (1,68 ਹਜ਼ਾਰ ਕਰੋੜ ਰੁਪਏ) ਦਿੱਤੇ। ਭਾਰਤ ਵਿਸ਼ਵ ਖੁਰਾਕ ਸੁਰੱਖਿਆ ਵਿੱਚ ਯੋਗਦਾਨ ਪਾ ਰਿਹਾ ਹੈ। ਹਾਲ ਹੀ ਵਿੱਚ ਮਲਾਵੀ, ਜ਼ੈਂਬੀਆ ਅਤੇ ਜ਼ਿੰਬਾਬਵੇ ਨੂੰ ਮਦਦ ਪ੍ਰਦਾਨ ਕੀਤੀ ਗਈ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



# ਸੂਰਤ ’ਚ ਫਰਜ਼ੀ ਡਾਕਟਰਾਂ ਦਾ ਹਸਪਤਾਲ ਕੀਤਾ ਸੀਲ, ਰਜਿਸਟ੍ਰੇਸ਼ਨ ਵੀ ਨਹੀਂ



ਸੂਰਤ, 19 ਨਵੰਬਰ (ਪੋਸਟ ਬਿਊਰੋ): ਗੁਜਰਾਤ ਦੇ ਸੂਰਤ 'ਚ ਫਰਜ਼ੀ ਡਾਕਟਰਾਂ ਨੇ ਹਸਪਤਾਲ ਖੋਲ੍ਹਿਆ ਹੋਇਆ ਸੀ। ਇਹ ਡਾਕਟਰ ਸ਼ਰਾਬ ਸਮੇਤ ਫੜ੍ਹੇ ਗਏ। ਇਸ ਹਸਪਤਾਲ ਦੇ ਉਦਘਾਟਨ ਮੌਕੇ ਸੂਰਤ ਕ੍ਰਾਈਮ ਬ੍ਰਾਂਚ ਦੇ ਸੰਯੁਕਤ ਪੁਲਿਸ ਕਮਿਸ਼ਨਰ ਰਾਘਵੇਂਦਰ ਵਤਸ ਪਹੁੰਚੇ ਸਨ। ਉਦਘਾਟਨ ਤੋਂ ਬਾਅਦ ਡਾਕਟਰ ਦੇ ਕੈਬਿਨ 'ਚ ਡਾਕਟਰ ਦੀ ਕੁਰਸੀ 'ਤੇ ਬੈਠੇ ਰਾਘਵੇਂਦਰ ਵਤਸ ਦੀ ਤਸਵੀਰ ਵੀ ਸਾਹਮਣੇ ਆਈ ਹੈ। ਤਸਵੀਰਾਂ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈਆਂ ਹਨ। ਮਲਟੀਸਪੈਸ਼ਲਿਟੀ ਹਸਪਤਾਲ ਨਾ ਤਾਂ ਰਜਿਸਟਰਡ ਸੀ ਅਤੇ ਨਾ ਹੀ ਫਾਇਰ ਸੇਫਟੀ ਉਪਕਰਨ ਸਨ।


ਉਦਘਾਟਨ ਮੌਕੇ ਦੁਪਹਿਰ ਦੇ ਖਾਣੇ ਦਾ ਆਯੋਜਨ ਕੀਤਾ ਗਿਆ। ਅਗਲੇ ਦਿਨ ਸੂਬਾ ਸਰਕਾਰ ਨੇ ਹਸਪਤਾਲ ਨੂੰ ਸੀਲ ਕਰ ਦਿੱਤਾ। ਹਸਪਤਾਲ ਨੂੰ ਸੀਲ ਕਰਨ ਦਾ ਕਾਰਨ ਇੱਥੇ ਫਾਇਰ ਸੇਫਟੀ ਦਾ ਕੋਈ ਪ੍ਰਬੰਧ ਨਾ ਹੋਣਾ ਦੱਸਿਆ ਗਿਆ ਹੈ।

ਹਸਪਤਾਲ ਦਾ ਨਾਂ ਜਨਸੇਵਾ ਮਲਟੀ ਸਪੈਸ਼ਲਿਟੀ ਹਸਪਤਾਲ ਹੈ। ਪੁਲਿਸ ਦਾ ਕਹਿਣਾ ਹੈ ਕਿ ਹਸਪਤਾਲ ਦੇ ਪੰਜ ਸੰਸਥਾਪਕਾਂ ਵਿੱਚੋਂ ਦੋ ਡਾਕਟਰਾਂ ਦੀਆਂ ਡਿਗਰੀਆਂ ਫਰਜ਼ੀ ਹਨ। ਬਾਕੀ ਤਿੰਨਾਂ ਦੀਆਂ ਡਿਗਰੀਆਂ ਨੂੰ ਲੈ ਕੇ ਵੀ ਸਵਾਲ ਉਠਾਏ ਜਾ ਰਹੇ ਹਨ ਅਤੇ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

ਇਹ ਹਸਪਤਾਲ ਸੂਰਤ ਦੇ ਪਾਂਡੇਸਰਾ ਇਲਾਕੇ ਵਿੱਚ ਖੋਲ੍ਹਿਆ ਗਿਆ ਸੀ ਅਤੇ ਇਸ ਦਾ ਉਦਘਾਟਨ 17 ਨਵੰਬਰ ਨੂੰ ਕੀਤਾ ਗਿਆ ਸੀ। ਸੀਨੀਅਰ ਪੁਲਿਸ ਅਧਿਕਾਰੀ ਵਿਜੈ ਸਿੰਘ ਗੁਰਜਰ ਨੇ ਕਿਹਾ ਕਿ ਬੀ.ਆਰ. ਸ਼ੁਕਲਾ, ਜਿਸ ਨੂੰ ਉਦਘਾਟਨੀ ਪ੍ਰੋਗਰਾਮ ਦੇ ਪੈਂਫਲਿਟ ਵਿਚ ਆਯੁਰਵੈਦਿਕ ਦਵਾਈ ਦੀ ਡਿਗਰੀ ਨਾਲ ਡਾਕਟਰ ਦੱਸਿਆ ਗਿਆ ਹੈ, ਉਸ ਖਿਲਾਫ ਗੁਜਰਾਤ ਮੈਡੀਕਲ ਪ੍ਰੈਕਟੀਸ਼ਨਰ ਐਕਟ ਦੇ ਤਹਿਤ ਮਾਮਲਾ ਦਰਜ ਹੈ ਅਤੇ ਉਹ ਫਰਜ਼ੀ ਡਾਕਟਰ ਹਨ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com





SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca



# ਕੈਨੇਡੀਅਨ ਸਰਕਾਰ ਏਪੀਈਸੀ (ਏਪੈਕ) ਦੇਸ਼ਾਂ ਨਾਲ ਸਹਿਯੋਗ ਕਰਕੇ ਚੰਗੀ ਉਜਰਤ ਵਾਲੀਆਂ ਨੌਕਰੀਆਂ ਪੈਦਾ ਕਰ ਰਹੀ ਹੈ : ਸੋਨੀਆ ਸਿੱਧੂ

ਬਰੈਂਪਟਨ, 19 ਨਵੰਬਰ (ਪੋਸਟ ਬਿਊਰੋ): "ਸਾਡੀ ਸਰਕਾਰ ਕਾਰੋਬਾਰੀਆਂ ਲਈ ਪੂੰਜੀ ਨਿਵੇਸ਼ ਕਰਨ ਅਤੇ ਕਾਰੋਬਾਰਾਂ ਨੂੰ ਅੱਗੇ ਵਧਾਉਣ ਦੇ ਵਧੀਆ ਮੌਕੇ ਪ੍ਰਦਾਨ ਕਰ ਰਹੀ ਹੈ। ਅਸੀਂ ਚੰਗੀਆਂ ਤਨਖ਼ਾਹਾਂ ਵਾਲੀਆਂ ਨੌਕਰੀਆਂ ਪੈਦਾ ਕਰ ਰਹੇ ਹਾਂ, ਮਿਡਲ ਕਲਾਸ ਨੂੰ ਮਜ਼ਬੂਤ ਕਰ ਰਹੇ ਹਾਂ ਅਤੇ ਅਤੇ ਕੈਨੇਡਾ ਦੇ ਕਾਮਿਆਂ ਨੂੰ ਅੱਗੇ ਵੱਧਣ ਦੇ ਵਾਧੀਆ ਮੌਕੇ ਪ੍ਰਦਾਨ ਕਰ ਰਹੇ ਹਾਂ।"

ਉਪਰੋਕਤ ਸ਼ੁਭ-ਸੁਨੇਹਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ 'ਏਸ਼ੀਆ-ਪੈਸਿਫ਼ਿਕ ਇਕੋਨੌਮਿਕ ਕੋਆਪ੍ਰੇਸ਼ਨ (ਏਪੀਈਸੀ) ਇਕੋਨੌਮਿਕ ਲੀਡਰਜ਼' ਦੀ ਲਿਮਾ ਪੀਰੂ ਵਿਖੇ ਹੋਈ ਮੀਟਿੰਗ ਵਿਚ ਦਿੱਤਾ। ਉਨ੍ਹਾਂ ਕਿਹਾ ਕਿ 21 ਅਰਥਚਾਰਿਆਂ, 60% ਤੋਂ ਵਧੇਰੇ ਜੀਡੀਪੀ ਅਤੇ ਕੈਨੇਡਾ 84% ਵਿਓਪਾਰ ਦੇ ਨਾਲ ਏਪੀਈਸੀ ਰੀਜਨ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ ਅਤੇ ਕੈਨੇਡਾ ਦੇ ਉੱਪਰਲੇ ਚਾਰ ਭਾਈਵਾਲਾਂ ਵਿੱਚੋਂ ਹੈ। ਇਹ ਕੈਨੇਡਾ ਵਿੱਚ ਨਵੀਆਂ ਨੌਕਰੀਆਂ ਪੈਦਾ ਕਰਨ ਵਿੱਚ ਆਪਣਾ ਮਹੱਤਵਪੂਰਨ ਹਿੱਸਾ ਪਾ ਰਿਹਾ ਹੈ।

ਇਸ ਦੇ ਬਾਰੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਮੈਂਬਰ ਪਾਰਲੀਮੈਂਟ ਸੋਨੀਆ ਸਿੱਧੂ ਨੇ ਕਿਹਾ, "ਕੈਨੇਡਾ ਇਸ ਸਮੇਂ ਆਪਣੇ ਅਰਥਚਾਰੇ ਨੂੰ ਹੋਰ ਵਿਕਸਤ ਕਰਨ ਦੇ ਵਧੀਆ ਮੌਕਿਆਂ ਵੱਲ ਵੱਧ ਰਿਹਾ ਹੈ ਅਤੇ ਏਸ਼ੀਆ ਪੈਸਿਫ਼ਿਕ ਖਿੱਤੇ ਵਿੱਚ ਇਹ ਵਿਸ਼ੇਸ਼ ਤੌਰ 'ਤੇ ਮਹੱਤਵਪੂਰਵਕ ਹੈ। ਵਿਓਪਾਰ ਵਿੱਚ ਆਪਣੀ ਭਾਈਵਾਲੀ ਨੂੰ ਵਧਾ ਕੇ ਅਤੇ ਏਪੀਈਸੀ (ਏਪੈਕ) ਦੇਸ਼ਾਂ ਨਾਲ ਸਹਿਯੋਗ ਕਰਕੇ ਅਸੀਂ ਆਪਣੇ ਦੇਸ਼ ਨਾ ਕੇਵਲ ਵਧੀਆ ਰੋਜ਼ਗਾਰ ਹੀ ਪੈਦਾ ਕਰ ਰਹੇ ਹਾਂ, ਬਲਕਿ ਆਪਣੇ ਵਰਕਰਾਂ ਅਤੇ ਬਿਜ਼ਨੈੱਸ ਅਦਾਰਿਆਂ ਨੂੰ ਵੀ ਅੱਗੇ ਵੱਧਣ ਦੇ ਮੌਕੇ ਦੇ ਰਹੇ ਹਾਂ।"

ਇੱਥੇ ਇਹ ਜ਼ਿਕਰਯੋਗ ਹੈ ਕਿ ਏਪੀਏਸੀ ਲੀਡਰਜ਼ ਮੀਟਿੰਗ ਵਿਚ ਪ੍ਰਧਾਨ ਮੰਤਰੀ ਟਰੂਡੋ ਨੇ ਵਿਓਪਾਰ ਵਿੱਚਲੀਆਂ ਰੋਕਾਂ ਨੂੰ ਦੂਰ ਕਰਨ ਅਤੇ ਇਸ ਨੂੰ ਹੋਰ ਵਿਕਸਤ ਕਰਨ ਲਈ ਇੰਡੋ-ਪੈਸਿਫ਼ਿਕ ਖਿੱਤੇ ਨਾਲ ਵਿਓਪਾਰਕ ਭਾਈਵਾਲੀ ਵਧਾਉਣ 'ਤੇ ਜ਼ੋਰ ਦਿੱਤਾ। ਇਸ ਮੀਟਿੰਗ ਦੇ ਅਖ਼ੀਰ ਵੱਲ ਵੱਧਦਿਆਂ ਉਨ੍ਹਾਂ 'ਕੈਨੇਡਾ-ਇੰਡੋਨੇਸ਼ੀਆ ਕੰਪਰੀਹੈਂਸਿਵ ਪਾਰਟਨਰਸ਼ਿਪ ਐਗਰੀਮੈਂਟ' ਦਾ ਐਲਾਨ ਕੀਤਾ। ਇਹ ਸਮਝੌਤਾ ਕੈਨੇਡਾ ਅਤੇ ਇੰਡੋਨੇਸ਼ੀਆ ਦੇ ਆਪਸੀ ਸਬੰਧਾਂ ਵਿਚ ਇੱਕ 'ਮੀਲ-



ਪੱਥਰ' ਸਮਝਿਆ ਜਾਂਦਾ ਹੈ ਜਿਸ ਨਾਲ ਕੈਨੇਡਾ ਵਿਚ ਹੋਰ ਵਧੀਆ ਨੌਕਰੀਆਂ ਪੈਦਾ ਹੋਣਗੀਆਂ, ਨਵਾਂ ਪੂੰਜੀ ਨਿਵੇਸ਼ ਹੋਵੇਗਾ ਅਤੇ ਵਸਤਾਂ ਦੇ ਮੰਡੀਕਰਨ ਵਿੱਚ ਵਾਧਾ ਹੋਵੇਗਾ। ਉਨ੍ਹਾਂ ਇੱਥੇ 'ਕੈਨੇਡੀਅਨ ਟਰੇਡ ਗੇਟਵੇਅ' ਰਾਹੀਂ ਇੰਡੋ-ਪੈਸਿਫ਼ਿਕ ਖਿੱਤੇ ਵਿਚ ਨਿਊਕਲੀਅਰ ਪਾਵਰ ਪਾਰਟਨਰਸ਼ਿੱਪ ਨੂੰ ਵੀ ਮਜ਼ਬੂਤ ਬਨਾਉਣ 'ਤੇ ਜ਼ੋਰ ਦਿੱਤਾ।

ਏਪੀਏਸੀ ਮੀਟਿੰਗ ਵਿੱਚ ਹੋਈ ਪ੍ਰਗਤੀ ਨਾਲ ਜਿੱਥੇ ਕੈਨੇਡਾ ਨੂੰ ਵੱਖ-ਵੱਖ ਖ਼ੇਤਰਾਂ ਵਿੱਚ ਤਰੱਕੀ ਕਰਨ ਦਾ ਲਾਭ ਹੋਵੇਗਾ, ਉੱਥੇ ਇਸ ਦੇ ਅਰਥਚਾਰੇ ਵਿੱਚ ਵੀ ਭਾਰੀ ਵਾਧਾ ਹੋਵੇਗਾ। ਏਸੇ ਲਈ ਪ੍ਰਧਾਨ ਮੰਤਰੀ ਟਰੂਡੋ ਨੇ ਕਾਰੋਬਾਰੀ ਭਾਈਵਾਲੀ ਲਈਸਰਕਾਰ ਵੱਲੋਂ 35 ਮਿਲੀਅਨ ਡਾਲਰ ਤੋਂ ਵਧੇਰੇ ਰਾਸ਼ੀ ਨਿਵੇਸ਼ ਕਰਨ ਦਾ ਐਲਾਨ ਕੀਤਾ ਹੈ। ਇਸ ਵਿੱਚੋਂ ਕੁਝ ਹੇਠ ਲਿਖੇ ਅਨੁਸਾਰ ਹੈ:

- ਏਪੈਕ ਰੀਜਨ ਵਿੱਚ ਵਿਓਪਾਰ ਤੇ ਪੂੰਜੀ ਨਿਵੇਸ਼ ਨੂੰ ਬੜ੍ਹਾਵਾ ਦੇਣ ਲਈ 2 ਮਿਲੀਅਨ ਡਾਲਰ ਮਾਈਕਰੋ, ਛੋਟੇ ਅਤੇ ਦਰਮਿਆਨੇ ਬਿਜ਼ਨੈਸ ਅਦਾਰਿਆਂ ਨੂੰ ਅਰਥਚਾਰੇ ਵਿੱਚ ਔਰਤਾਂ ਦੀ ਭਾਗੀਦਾਰੀ ਵਧਾਉਣ ਲਈ ਦਿੱਤੇ ਜਾਣਗੇ।
- ਪੀਰੂਵੀਅਨ ਐਂਡੇਜ਼ ਖਿੱਤੇ ਵਿੱਚ ਕੁਦਰਤੀ ਆਫ਼ਤਾਂ ਤੋਂ ਲੋਕਾਂ ਦੇ ਬਚਾਅ ਅਤੇ ਵਾਤਾਵਰਣ ਦੀਆਂ ਸਖ਼ਤ ਹਾਲਤਾਂ ਦਾ ਮੁਕਾਬਲਾ ਕਰਨ ਲਈ ਸਹਾਇਤਾ ਵਜੋਂ 9.2 ਮਿਲੀਅਨ ਖ਼ਰਚੇ ਜਾਣਗੇ।
- ਇੰਡੋ-ਪੈਸਿਫ਼ਿਕ ਰੀਜਨ ਵਿਚ 'ਬਲੈਕਬੈਰੀ ਸਾਈਬਰਸਕਿਉਰਿਟੀ ਸੈਂਟਰ ਆਫ਼ ਐਕਸੇਲੈਂਸ', ਸਾਈਬਰ ਸਕਿਉਰਿਟੀ ਪਾਰਟਨਰਸ਼ਿਪ ਅਤੇ ਔਰਤਾਂ ਸਮੇਤ ਲੋੜੀਂਦੀ ਸਕਿੱਲ ਟ੍ਰੇਨਿੰਗ ਲਈ 3.9 ਮਿਲੀਅਨ ਡਾਲਰ ਨਿਵੇਸ਼ ਕੀਤੇ ਜਾਣਗੇ।
- ਪੀਰੂ ਵਿੱਚ ਇੰਡੀਜੀਨੀਅਸ ਅਤੇ ਐਫ਼ਰੋ-ਪੀਰੂਵੀਅਨ ਕਮਿਊਨਿਟੀਆਂ ਲਈ ਜੋ ਦੂਰ-ਦੁਰਾਢੇ ਦੇ ਖ਼ੇਤਰਾਂ ਵਿੱਚ ਰਹਿੰਦੀਆਂ ਹਨ ਅਤੇ ਲਿੰਗਕ-ਹਿੰਸਾ ਦਾ ਸਾਹਮਣਾ ਕਰ ਰਹੀਆਂ ਹਨ, ਦੀ ਕਾਨੂੰਨੀ ਸਹਾਇਤਾ ਲਈ 200,000 ਡਾਲਰ ਖ਼ਰਚੇ ਜਾਣਗੇ।

ਆਪਣੀ ਇਸ ਫੇਰੀ ਦੌਰਾਨ ਜਸਟਿਨ ਟਰੂਡੋ ਨੇ ਰੂਸ-ਯੂਕਰੇਨ ਯੁੱਧ, ਹੈਤੀ ਅਤੇ ਮਿਡਲ ਈਸਟ ਵਿੱਚ ਚੱਲ ਰਹੇ ਮਾੜੇ ਹਾਲਾਤ ਬਾਰੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਆਪਣੇ ਅੰਤਰਰਾਸ਼ਟਰੀ ਭਾਈਵਾਲਾਂ ਦੇ ਨਾਲ ਸੁਰੱਖਿਆ, ਸਥਿਰਤਾ, ਅਮਨ-ਸ਼ਾਂਤੀ ਅਤੇ ਅੰਤਰਰਾਸ਼ਟਰੀ ਲੋਕਤੰਤਰ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ।

ਉਨ੍ਹਾਂ ਕਿਹਾ, "ਕੈਨੇਡਾ ਪੈਸਿਫ਼ਿਕ ਕੰਟਰੀ ਹੈ ਅਤੇ ਇਹ ਏਸ਼ੀਆ-ਪੈਸਿਫ਼ਿਕ ਰੀਜਨ ਇੱਕ ਵਿਸ਼ੇਸ਼ ਤਰ੍ਹਾਂ ਦੇ ਕਾਰੋਬਾਰਾਂ, ਕਾਮਿਆਂ ਅਤੇ ਕਿਸਾਨਾਂ ਨੂੰ ਦਰਪੇਸ਼ ਚੁਣੌਤੀਆਂ ਨੂੰ ਬਾਖ਼ੂਬੀ ਦਰਸਾਉਂਦਾ ਹੈ। ਇਸ ਸਾਲ ਦੇ ਏਪੈਕ ਇਕੋਨੌਮਿਕ ਲੀਡਰਜ਼ ਸਮਾਗ਼ਮ ਵਿਚ ਅਸੀਂ ਆਪਣੇ ਵਿਓਪਾਰ ਨੂੰ ਹੋਰ ਭਾਈਵਾਲਾਂ ਤੱਕ ਵਧਾਉਣ ਦੀ ਕੋਸ਼ਿਸ਼ ਕੀਤੀ ਹੈ। ਇਸ ਤਰ੍ਹਾਂ ਹੋਰ ਦੇਸ਼ ਕੈਨੇਡਾ ਵਿੱਚ ਪੂੰਜੀ ਨਿਵੇਸ਼ ਕਰ ਸਕਦੇ ਹਨ ਅਤੇ ਕੈਨੇਡੀਅਨ ਕੰਪਨੀਆਂ ਇੰਡੋ-ਪੈਸਿਫ਼ਿਕ ਖਿੱਤੇ ਵਿਚ ਹੋਰ ਵਧੇਰੇ ਬਿਜ਼ਨੈੱਸ ਕਰ ਸਕਦੀਆਂ ਹਨ। ਇਸ ਨਾਲ ਕੈਨੇਡਾ ਵਿਚ ਹੋਰ ਨਵੀਆਂ ਨੌਕਰੀਆਂ ਪੈਦਾ ਹੋਣਗੀਆਂ, ਆਮ ਲੋਕਾਂ ਨੂੰ ਇਸ ਦਾ ਲਾਭ ਹੋਵੇਗਾ ਅਤੇ ਦੇਸ਼ ਦਾ ਅਰਥਚਾਰਾ ਹੋਰ ਮਜ਼ਬੂਤ ਹੋਵੇਗਾ।"

# 1971 ਦੀ ਜੰਗ ਦਾ ਜੇਤੂ ਟੈਂਕ ਪਹਿਲਾਂ ਦੀ ਤਰ੍ਹਾਂ ਭਾਰਤ ਨਗਰ ਚੌਂਕ ਵਿੱਚ ਹੀ ਰੱਖਿਆ ਜਾਵੇ : ਕਾਹਲੋਂ

## ਸੀਨੀਅਰ ਸਿਟੀਜ਼ਨ ਨੂੰ ਸਰਕਾਰ, ਸਮਾਜ ਅਤੇ ਪਰਿਵਾਰ ਪੂਰਨ ਸਤਿਕਾਰ ਦੇਣ : ਬਾਵਾ

ਲੁਧਿਆਣਾ, 19 ਨਵੰਬਰ (ਗਿਆਨ ਸਿੰਘ): ਲੁਧਿਆਣਾ ਫਸਟ ਕਲੱਬ ਦੇ ਮੈਂਬਰ ਵੀਰ ਚੱਕਰ ਵਿਜੇਤਾ ਕਰਨਲ ਹਰਬੰਤ ਸਿੰਘ ਕਾਹਲੋਂ, ਰਿਟਾਇਰਡ ਕਰਨਲ ਯੋਗਰਾਜ ਸਿੱਧੂ, ਰਿਟਾਇਰਡ ਮੇਜਰ ਆਈ.ਐੱਸ. ਸੰਧੂ, ਰਿਟਾਇਰਡ ਮੇਜਰ ਐਚ.ਐੱਲ. ਭੰਬ ਅਤੇ ਉਹਨਾਂ ਨਾਲ ਦੇਸ਼ ਭਗਤੀ ਯਾਦਗਾਰੀ ਸੁਸਾਇਟੀ ਪੰਜਾਬ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਰਿਟਾਇਰਡ ਜੱਜ ਆਰ.ਐੱਸ. ਖੋਖਰ, ਉੱਘੇ ਬਿਜਨਸਮੈਨ ਵਿਨੋਦ ਤਲਵਾਰ, ਸਨਅਤਕਾਰ ਜੋਗਾ ਸਿੰਘ ਮਾਨ, ਕਲੱਬ ਦੇ ਪ੍ਰਬੰਧਕ ਸਕੱਤਰ ਅਸ਼ਵਨੀ ਅਰੋੜਾ ਨੇ ਜਾਰੀ ਇੱਕ ਬਿਆਨ ਰਾਹੀਂ ਮੰਗ ਕੀਤੀ ਕਿ 1971 ਦੀ ਜੰਗ ਦਾ ਜੇਤੂ ਟੈਂਕ ਪਹਿਲਾਂ ਦੀ ਤਰ੍ਹਾਂ ਭਾਰਤ ਨਗਰ ਚੌਂਕ ਵਿੱਚ ਰੱਖਿਆ ਜਾਵੇ। ਇਹ ਪਹਿਲਾਂ 1978 ਵਿੱਚ ਉਸ ਸਮੇਂ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਰੱਖਵਾਇਆ ਸੀ। ਉਹਨਾਂ ਉਪਰੋਕਤ ਮੰਗ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਅਤੇ ਕਮਿਸ਼ਨਰ ਕਾਰਪੋਰੇਸ਼ਨ ਤੋਂ ਕੀਤੀ। ਉਨ੍ਹਾਂ ਇਸ ਸਮੇਂ ਜਲੰਧਰ ਤੋਂ



ਆਉਣ ਸਮੇਂ ਨਾਲੇ 'ਤੇ ਬਣੇ ਪੁੱਲ ਨੂੰ ਵੀ ਲੰਮੇ ਸਮੇਂ ਤੋਂ ਬੰਦ ਹੋਣ ਨੂੰ ਮਿਊਂਸੀਪਲ ਕਾਰਪੋਰੇਸ਼ਨ ਦੀ ਅਣਗਹਿਲੀ ਕਿਹਾ ਅਤੇ ਉਨ੍ਹਾਂ ਦਮੋਰੀਆ ਪੁਲ ਬੰਦ ਹੋਣ 'ਤੇ ਲੋਕਾਂ ਨੂੰ ਕੋਈ ਮੁਸ਼ਕਿਲ ਨਾ ਆਵੇ, ਇਸ ਲਈ ਸੁਚਾਰੂ ਹੱਲ ਕਰਨ ਦੀ ਅਪੀਲ ਕੀਤੀ ਅਤੇ ਬੰਦ ਪੁਲ ਚਾਲੂ ਕਰਨ ਲਈ ਕਿਹਾ।

ਇਸ ਸਮੇਂ ਬਾਵਾ ਨੇ ਕਿਹਾ ਕਿ ਲੁਧਿਆਣਾ ਫਸਟ ਕਲੱਬ ਗੈਰ ਸਿਆਸੀ ਸੰਸਥਾ ਹੈ। ਇਸ ਦੇ ਮੈਂਬਰ ਉਹੀ ਹਨ ਜੋ ਸਤਲੁਜ ਕਲੱਬ ਦੇ ਮੈਂਬਰ ਹਨ। ਜੋ ਕਿ ਕੁੱਲ ਸਿਰਫ 25 ਹਨ ਅਤੇ ਹਮੇਸ਼ਾ ਸਮਾਜਿਕ ਮੁੱਦਿਆਂ ਵੱਲ ਲੋਕਾਂ ਦਾ ਧਿਆਨ ਖਿੱਚਦੇ ਰਹਿੰਦੇ ਹਨ। ਇਸ ਵਿੱਚ ਸਭ ਤੋਂ ਵੱਧ ਉਮਰ ਦੇ ਸੰਸਥਾ ਦੇ ਬਾਨੀ ਐੱਸ.ਕੇ. ਗੁਪਤਾ 89 ਸਾਲ ਦੇ ਹਨ। ਕਲੱਬ ਦੇ ਮੈਂਬਰਾਂ ਵਿੱਚ ਐੱਸ.ਐੱਸ. ਬੇਦੀ, ਕ੍ਰਿਸ਼ਨ ਕਾਂਸਲ, ਪੰਕਜ ਪ੍ਰਭਾਕਰ, ਡਾ. ਦੱਤਾ, ਗੁਰਿੰਦਰ ਕੈਰੋਂ, ਮੁਕੇਸ਼ ਸੂਦ, ਸੋਨੂ ਮਾਨ, ਮਹਿੰਦਰ ਸਿੰਘ ਈਰੋਜ ਆਦਿ ਸ਼ਾਮਿਲ ਹਨ। ਇਸ ਸਮੇਂ ਉਹਨਾਂ ਕਿਹਾ ਕਿ ਲੋੜ ਹੈ ਸੀਨੀਅਰ ਸਿਟੀਜਨ ਨੂੰ ਪਰਿਵਾਰ, ਸਮਾਜ ਅਤੇ ਸਰਕਾਰ ਪੂਰਨ ਸਤਿਕਾਰ ਦੇਵੇ ਅਤੇ ਉਹਨਾਂ ਦੇ ਜੀਵਨ ਦੇ ਸੰਘਰਸ਼ ਅਤੇ ਤਜਰਬੇ ਤੋਂ ਫਾਇਦਾ ਉਠਾ ਕੇ ਸੁਚੱਜੇ ਸਮਾਜ ਦੀ ਸਿਰਜਣਾ ਲਈ ਯੋਗਦਾਨ ਪਾਵੇ।

TechSpirit
Consultation, Installation & Servicing
Specialized in:
• Analog & IP security cameras
• Installation & Maintenance, Upgrade
• Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖ਼ੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

You can Place Your Business Here To Reach Wider Audience (905)793-2202
For more info Call 905-793-2202 or e-mail ads@punjabipost.ca

Visions of Punjab
VISION ZOOMERTV
Airs Across Canada Every Saturday 1:00 pm to 1:30 pm EST 10:00 am to 10:30 am PST
Mahal Entertainment Inc.
Cell:416-587-5520 Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

You can Place Your Business Here To Reach Wider Audience (905)793-2202
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

STARLANE PAINTING
Residential • Commercial • Industrial
• Hotel • Motel • Exterior • Interior • Spray Painting • Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਆਂਧਰਾ ਪ੍ਰਦੇਸ਼ ਵਿਚ ਸਕੂਲ ਲੇਟ ਆਉਣ 'ਤੇ ਪ੍ਰਿੰਸੀਪਲ ਨੇ 18 ਵਿਦਿਆਰਥਣਾਂ ਦੇ ਕੱਟੇ ਵਾਲ, ਮੁਅੱਤਲ



ਅਮਰਾਵਤੀ, 19 ਨਵੰਬਰ (ਪੋਸਟ ਬਿਊਰੋ): ਆਂਧਰਾ ਪ੍ਰਦੇਸ਼ ਦੇ ਇੱਕ ਸਰਕਾਰੀ ਸਕੂਲ ਦੇ ਪ੍ਰਿੰਸੀਪਲ ਨੇ ਲੇਟ ਆਉਣ ਕਾਰਨ 18 ਵਿਦਿਆਰਥਣਾਂ ਦੇ ਵਾਲ ਕੱਟ ਦਿੱਤੇ। ਮੀਡੀਆ ਰਿਪੋਰਟਾਂ ਮੁਤਾਬਕ ਪ੍ਰਿੰਸੀਪਲ ਨੇ ਗੁੱਸੇ 'ਚ ਆ ਕੇ ਸਜ਼ਾ ਵਜੋਂ ਵਾਲ ਕੱਟ ਦਿੱਤੇ। ਉਨ੍ਹਾਂ ਨੂੰ ਧੁੱਪ ਵਿਚ ਖੜ੍ਹਾ ਕਰ ਕੇ ਕੁੱਟਿਆ।

ਮਾਮਲਾ ਸਾਹਮਣੇ ਆਉਣ ਤੋਂ ਬਾਅਦ ਕਲੈਕਟਰ ਨੇ ਮੁਲਜ਼ਮ ਪ੍ਰਿੰਸੀਪਲ ਨੂੰ ਮੁਅੱਤਲ ਕਰ ਦਿੱਤਾ ਹੈ। ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।

ਜਾਂਚ ਵਿਚ ਦੋਸ਼ ਸਹੀ ਪਾਏ ਗਏ, ਸਮਗਰ ਸਿੱਖਿਆ ਦੇ ਸਟੇਟ ਪ੍ਰੋਜੈਕਟ ਡਾਇਰੈਕਟਰ ਬੀ. ਸ਼੍ਰੀਨਿਵਾਸ ਰਾਓ ਨੇ ਦੱਸਿਆ ਕਿ ਇਹ ਘਟਨਾ 15 ਨਵੰਬਰ ਨੂੰ ਅਲੂਰੀ ਸੀਤਾਰਮਾਰਾਜੂ ਜ਼ਿਲੇ ਦੇ ਜੀ ਮਦੁਗੁਲਾ ਦੇ ਇੱਕ ਰਿਹਾਇਸ਼ੀ ਸਕੂਲ ਕਸਤੂਰਬਾ ਗਾਂਧੀ ਬਾਲਿਕਾ ਵਿਦਿਆਲਿਆ (ਕੇਜੀਬੀਵੀ) ਵਿੱਚ ਵਾਪਰੀ ਸੀ, ਪਰ ਸੋਮਵਾਰ ਨੂੰ ਸਾਹਮਣੇ ਆਈ।

ਇਸ ਤੋਂ ਬਾਅਦ ਵਿਭਾਗ ਨੇ ਮੁਲਜ਼ਮ ਪ੍ਰਿੰਸੀਪਲ ਯੂ ਸਾਈ ਪ੍ਰਸੰਨਾ ਖਿਲਾਫ ਜਾਂਚ ਕੀਤੀ ਸੀ। ਉਸ 'ਤੇ ਲੱਗੇ ਦੋਸ਼ ਸਹੀ ਪਾਏ ਗਏ, ਜਿਸ ਤੋਂ ਬਾਅਦ ਕਲੈਕਟਰ ਨੇ ਦੇਰ ਰਾਤ ਮੁਅੱਤਲੀ ਦੇ ਹੁਕਮ ਜਾਰੀ ਕਰ ਦਿੱਤੇ।

ਮੁਜ਼ੱਫਰਪੁਰ ਦੇ ਬੀਬੀਗੰਜ ਸਥਿਤ ਦ੍ਰੋਣਾ ਪਬਲਿਕ ਸਕੂਲ ਦੇ ਅਧਿਆਪਕ ਨੇ ਅਕਤੂਬਰ ਵਿੱਚ ਵਿਦਿਆਰਥੀ ਦੀ ਕੁੱਟਮਾਰ ਕੀਤੀ ਸੀ। ਜਿਸ ਤੋਂ ਬਾਅਦ ਵਿਦਿਆਰਥੀ ਬੇਹੋਸ਼ ਹੋ ਗਿਆ। ਅਧਿਆਪਕ ਦੀ ਕੁੱਟਮਾਰ ਕਾਰਨ ਵਿਦਿਆਰਥੀ ਦੇ ਖੱਬੇ ਕੰਨ 'ਤੇ ਡੂੰਘਾ ਜ਼ਖ਼ਮ ਹੋ ਗਿਆ। ਉਹ ਆਪਣੀ ਸੁਣਨ ਸ਼ਕਤੀ ਗੁਆ ਚੁੱਕਾ ਹੈ।

ਇਸ ਮਾਮਲੇ ਸਬੰਧੀ ਵਿਦਿਆਰਥੀ ਦੇ ਪਤਾ ਸ਼ਿਵਰਤਨ ਕੁਮਾਰ ਨੇ ਥਾਣਾ ਸਦਰ ਵਿੱਚ ਲਿਖਤੀ ਦਰਖਾਸਤ ਦੇ ਕੇ ਸ਼ਿਕਾਇਤ ਦਰਜ ਕਰਵਾਈ ਹੈ। ਹੈਰਾਨੀਜਨਕ ਗੱਲ ਇਹ ਸਾਹਮਣੇ ਆਈ ਹੈ ਕਿ ਵਿਦਿਆਰਥੀ ਦੇ ਬੇਹੋਸ਼ ਹੋਣ ਤੋਂ ਬਾਅਦ ਵੀ ਮਾਪਿਆਂ ਨੂੰ ਸਕੂਲ ਵੱਲੋਂ ਕੋਈ ਸੂਚਨਾ ਨਹੀਂ ਮਿਲੀ। ਇਸ ਸਬੰਧੀ ਮਾਪਿਆਂ ਨੇ ਪੁਲਿਸ ਨੂੰ ਸ਼ਿਕਾਇਤ ਕੀਤੀ। ਫਿਲਹਾਲ ਮਾਮਲੇ ਦੀ ਜਾਂਚ ਚੱਲ ਰਹੀ ਹੈ।

# ਸਪੀਕਰ ਸੰਧਵਾਂ, ਵਿਧਾਇਕ ਸੇਖੋਂ ਅਤੇ ਵਿਧਾਇਕ ਅਮੋਲਕ ਸਿੰਘ ਵੱਲੋਂ 'ਸਾਡਾ ਫ਼ਰੀਦਕੋਟ' ਫੋਟੋਗਰਾਫੀ ਮੁਕਾਬਲਿਆਂ ਦਾ ਪੋਸਟਰ ਜਾਰੀ

## ਜ਼ਿਲ੍ਹਾ ਵਾਸੀਆਂ ਨੂੰ ਇਨ੍ਹਾਂ ਮੁਕਾਬਿਲਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਦਾ ਦਿੱਤਾ ਸੱਦਾ



ਫਰੀਦਕੋਟ, 19 ਨਵੰਬਰ (ਗਿਆਨ ਸਿੰਘ): ਜ਼ਿਲ੍ਹਾ ਫ਼ਰੀਦਕੋਟ ਦੇ ਸ਼ਾਨਮੱਤੇ ਇਤਿਹਾਸ ਨੂੰ ਸੁਰਜੀਤ ਰੱਖਣ ਲਈ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਫੋਟੋ ਗਰਾਫੀ ਮੁਕਾਬਲੇ ਕਰਵਾਏ ਜਾ ਰਹੇ ਹਨ ਜੋ ਸ਼ਲਾਘਾਯੋਗ ਕਦਮ ਹੈ, ਇਹ ਪ੍ਰਗਟਾਵਾ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਪੰਚਾਂ ਦੇ ਸਹੁੰ ਚੁੱਕ ਸਮਾਗਮ ਦੌਰਾਨ ਫੋਟੋ ਗਰਾਫੀ ਮੁਕਾਬਲੇ ਸੰਬੰਧੀ ਪੋਸਟਰ ਰਿਲੀਜ਼ ਕਰਨ ਮੌਕੇ ਕੀਤਾ । ਇਸ ਮੌਕੇ ਫ਼ਰੀਦਕੋਟ ਦੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ, ਐਮ.ਐਲ.ਏ ਜੈਤੋ ਸ. ਅਮੋਲਕ ਸਿੰਘ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਅਤੇ ਐੱਸ.ਐੱਸ.ਪੀ ਡਾ. ਪ੍ਰਗਿਆ ਜੈਨ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਇਸ ਮੌਕੇ ਸੰਧਵਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫ਼ਰੀਦਕੋਟ ਦੀ ਧਰਤੀ ਬਹੁਤ ਇਤਿਹਾਸਿਕ ਧਾਰਮਿਕ ਮਹੱਤਤਾ ਰੱਖਣ ਵਾਲੀ ਹੈ ਅਤੇ ਫ਼ਰੀਦਕੋਟ ਰਿਆਸਤ ਵਜੋਂ ਇਤਿਹਾਸ ਵਿਚ ਵੀ ਅਹਿਮ ਸਥਾਨ ਰੱਖਦੀ ਹੈ। ਉਨ੍ਹਾਂ ਫ਼ਰੀਦਕੋਟ ਦੇ ਲੋਕਾਂ ਨੂੰ ਖੁੱਲਾ ਸੱਦਾ ਦੇ ਕਿ ਇਸਨੂੰ ਆਪਣੇ ਕੈਮਰੇ ਦੀ ਅੱਖ ਥਾਣੀ ਲੰਘਾਓ ਅਤੇ ਫੋਟੋ ਸਾਡੇ ਨਾਲ ਸਾਂਝੀ ਕਰੋ।

ਕਿਲ੍ਹੇ ਸਰੋਵਰ, ਧਾਰਮਿਕ ਸਥਾਨ, ਮਹਿਲ, ਦਰਵਾਜ਼ੇ, ਪੁਰਾਣੀਆਂ ਇਮਾਰਤਾਂ ਅਤੇ ਇਮਾਰਤਸਾਜ਼ੀ, ਜਿਨ੍ਹਾਂ ਨੇ ਜ਼ਿਲ੍ਹੇ ਦੇ ਇਤਿਹਾਸ ਨੂੰ ਸਿਰਜਿਆ। ਇਤਿਹਾਸਕ ਕਿਤਾਬਾਂ, ਕਲਾਕ੍ਰਿਤੀਆਂ, ਚਿੱਤਰਕਾਰੀ ਆਦਿ, ਉਹ ਤਸਵੀਰਾਂ ਜੋ ਫ਼ਰੀਦਕੋਟ ਦੇ ਪੁਰਾਤਨ ਸਭਿਆਚਾਰ ਨੂੰ ਦਰਸਾਉਂਦੀਆਂ ਹਨ, ਜਿਸ ਵਿੱਚ ਲੋਕਧਾਰਾ, ਪਰੰਪਰਾਵਾਂ, ਭਾਸ਼ਾ, ਜੀਵਨ ਸ਼ੈਲੀ ਅਤੇ ਗਿਆਨ ਸ਼ਾਮਿਲ ਹੈ। ਇਸ ਵਿਚ ਭਾਗ ਲੈਣ ਹਰ ਉਮਰ ਵਰਗ ਦੇ ਜ਼ਿਲ੍ਹਾ ਵਾਸੀਆਂ, ਪੇਸ਼ਾਵਰ ਮੀਡੀਆ ਫੋਟੋਕਾਰ, ਫੋਟੋਗ੍ਰਾਫੀ ਦੇ ਸ਼ੌਕੀਨ ਤੋਂ ਇਲਾਵਾ ਪੱਤਰਕਾਰਾਂ ਤੇ ਆਮ ਲੋਕਾਂ ਨੂੰ ਵੀ ਖੁੱਲ੍ਹਾ ਸੱਦਾ ਹੈ।

# ਦਿੱਲੀ ਵਿਚ ਏਕਿਊਆਈ.500 ਤੋਂ ਉੱਪਰ, 11ਵੀਂ-12ਵੀਂ ਦੀਆਂ ਕਲਾਸਾਂ ਲੱਗਣਗੀਆਂ ਆਨਲਾਈਨ



ਨਵੀਂ ਦਿੱਲੀ, 19 ਨਵੰਬਰ (ਪੋਸਟ ਬਿਊਰੋ): ਦਿੱਲੀ ਵਿਚ ਪ੍ਰਦੂਸ਼ਣ ਦਾ ਪੱਧਰ ਬਹੁਤ ਖਤਰਨਾਕ ਪੱਧਰ 'ਤੇ ਬਣਿਆ ਹੋਇਆ ਹੈ। ਮੰਗਲਵਾਰ ਸਵੇਰੇ ਦਿੱਲੀ ਦੇ ਕਈ ਇਲਾਕਿਆਂ ਵਿੱਚ ਏਕਿਊਆਈ 500 ਤੋਂ ਉੱਪਰ ਦਰਜ ਕੀਤਾ ਗਿਆ। ਦਿੱਲੀ ਦੀ ਔਸਤ ਏਕਿਊਆਈ 494 ਦਰਜ ਕੀਤੀ ਗਈ, ਜੋ ਇਸ ਸੀਜ਼ਨ ਵਿੱਚ ਸਭ ਤੋਂ ਵੱਧ ਹੈ।

ਦਿੱਲੀ-ਐੱਨਸੀਆਰ ਵਿੱਚ 10ਵੀਂ ਜਮਾਤ ਤੱਕ ਦੇ ਸਕੂਲਾਂ ਨੂੰ ਪਹਿਲਾਂ ਹੀ ਆਨਲਾਈਨ ਕਰ ਦਿੱਤਾ ਗਿਆ ਸੀ। ਸੋਮਵਾਰ ਨੂੰ ਸੁਪਰੀਮ ਕੋਰਟ ਦੀ ਫਟਕਾਰ ਤੋਂ ਬਾਅਦ 11ਵੀਂ-12ਵੀਂ ਦੀਆਂ ਕਲਾਸਾਂ ਆਨਲਾਈਨ ਚਲਾਉਣ ਦੇ ਹੁਕਮ ਦਿੱਤੇ ਗਏ ਸਨ। ਇਸ ਦੇ ਨਾਲ ਹੀ, ਡੀਯੂ ਅਤੇ ਜੇਐੱਨਯੂ ਦੇ ਕਾਲਜਾਂ ਵਿੱਚ ਕਲਾਸਾਂ 4 ਦਿਨਾਂ ਲਈ ਵਰਚੂਅਲ ਮੋਡ 'ਤੇ ਚੱਲਣਗੀਆਂ।

ਵਧਦੇ ਪ੍ਰਦੂਸ਼ਣ ਦੇ ਮੱਦੇਨਜ਼ਰ, ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਨੇ 18 ਨਵੰਬਰ ਤੋਂ ਦਿੱਲੀ-ਐੱਨਸੀਆਰ ਵਿੱਚ ਸੋਧੇ ਹੋਏ ਗ੍ਰੇਡਡ ਰਿਸਪਾਂਸ ਐਕਸ਼ਨ ਪਲਾਨ ਦੇ ਚੌਥੇ ਪੜਾਅ ਨੂੰ ਲਾਗੂ ਕੀਤਾ ਹੈ। ਨਾਲ ਹੀ, ਬੱਚਿਆਂ, ਬਜ਼ੁਰਗਾਂ, ਸਾਹ ਅਤੇ ਦਿਲ ਦੇ ਮਰੀਜ਼ਾਂ ਅਤੇ ਪੁਰਾਣੀਆਂ ਬਿਮਾਰੀਆਂ ਤੋਂ ਪੀੜਤ ਲੋਕਾਂ ਨੂੰ ਘਰ ਦੇ ਅੰਦਰ ਰਹਿਣ ਦੀ ਸਲਾਹ ਦਿੱਤੀ ਗਈ ਹੈ।

# ਕੈਬਨਿਟ ਮੰਤਰੀ ਮੁੰਡੀਆਂ ਨੇ 6391 ਪੰਚਾਂ ਨੂੰ ਅਹੁਦੇ ਦੀ ਸਹੁੰ ਚੁਕਾਈ

## ਮੁੰਡੀਆਂ ਵੱਲੋਂ ਨਵੇਂ ਚੁਣੇ ਗਏ ਪੰਚਾਂ ਨੂੰ ਪਿੰਡਾਂ ਦੇ ਬੇਮਿਸਾਲ ਵਿਕਾਸ ਲਈ ਸਰਕਾਰ ਦਾ ਸਾਥ ਦੇਣ ਦਾ ਸੱਦਾ

ਲੁਧਿਆਣਾ, 19 ਨਵੰਬਰ (ਗਿਆਨ ਸਿੰਘ): ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਮੰਗਲਵਾਰ ਨੂੰ ਨਵੇਂ ਚੁਣੇ ਗਏ ਪੰਚਾਇਤ ਮੈਂਬਰਾਂ (ਪੰਚਾਂ) ਨੂੰ ਅਪੀਲ ਕੀਤੀ ਕਿ ਉਹ ਪਿੰਡਾਂ ਦੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਭਾਈਚਾਰਕ ਸਾਂਝ ਅਤੇ ਸ਼ਾਂਤੀ ਨੂੰ ਵੀ ਕਾਇਮ ਰੱਖਣ ਲਈ ਪੰਜਾਬ ਸਰਕਾਰ ਨਾਲ ਮਿਲ ਕੇ ਕੰਮ ਕਰਨ।

ਪਿੰਡ ਧਨਾਨਸੂ ਵਿਖੇ ਹਾਈਟੈਕ ਸਾਈਕਲ ਵੈਲੀ ਵਿਖੇ 6391 ਨਵੇਂ ਚੁਣੇ ਗਏ ਪੰਚਾਂ ਨੂੰ ਅਹੁਦੇ ਦੀ ਸਹੁੰ ਚੁਕਾਉਣ ਤੋਂ ਬਾਅਦ ਕੈਬਨਿਟ ਮੰਤਰੀ ਨੇ ਉਨ੍ਹਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਨੇ ਉਨ੍ਹਾਂ ਨੂੰ ਆਪਣੇ ਪਿੰਡਾਂ ਦੀ ਖੁਸ਼ਹਾਲੀ ਅਤੇ ਤਰੱਕੀ ਲਈ ਅਹਿਮ ਜ਼ਿੰਮੇਵਾਰੀ ਸੌਂਪੀ ਹੈ। ਕੈਬਨਿਟ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਮਾਜ ਦੀਆਂ ਖਾਹਿਸ਼ਾਂ ਨੂੰ ਪੂਰਾ ਕਰਨਾ ਹੁਣ ਉਨ੍ਹਾਂ ਦਾ ਫਰਜ਼ ਹੈ ਅਤੇ ਉਨ੍ਹਾਂ ਨੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਆਪਣੇ ਪੂਰਨ ਸਹਿਯੋਗ ਦਾ ਵਾਅਦਾ ਕੀਤਾ। ਉਨ੍ਹਾਂ ਪੰਚਾਇਤ ਮੈਂਬਰਾਂ (ਪੰਚਾਂ) ਨੂੰ ਵੀ ਅਪੀਲ ਕੀਤੀ ਕਿ ਉਹ ਅੱਜ ਤੋਂ ਹੀ ਪਿੰਡ ਦੀ ਬਿਹਤਰੀ ਲਈ ਕੰਮ ਸ਼ੁਰੂ ਕਰਨ ਅਤੇ ਵਿਕਾਸ ਕਾਰਜਾਂ ਦੀਆਂ ਤਜਵੀਜ਼ਾਂ ਸਰਕਾਰ ਨੂੰ ਭੇਜਣਾ ਯਕੀਨੀ ਬਣਾਉਣ ਤਾਂ ਜੋ ਲੋਕਾਂ ਦੀ ਸਹੂਲਤ ਲਈ ਤੁਰੰਤ ਫੰਡ ਜਾਰੀ ਕੀਤੇ ਜਾ ਸਕਣ।

ਕੈਬਨਿਟ ਮੰਤਰੀ ਮੁੰਡੀਆਂ ਨੇ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਸੂਬਾ ਸਰਕਾਰ ਸੂਬੇ ਨੂੰ ਉੱਚ ਵਿਕਾਸ ਦੇ ਰਾਹ 'ਤੇ ਲਿਜਾਣ ਲਈ ਸਮਰਪਿਤ ਹੈ ਜਿਸ ਲਈ ਪੰਜਾਬ ਨੂੰ ਹਰ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਪਹਿਲਾਂ ਹੀ ਮਹੱਤਵਪੂਰਨ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇ ਅਣਥੱਕ ਯਤਨ ਤਾਂ ਹੀ ਸਾਰਥਕ ਹੋਣਗੇ ਜੇਕਰ ਨਵੇਂ ਚੁਣੇ ਗਏ ਪੰਚਾਂ ਦੇ ਨਾਲ-ਨਾਲ ਸਰਪੰਚ ਵੀ ਇਸ ਵਿੱਚ ਖੁੱਲ੍ਹੇ ਦਿਲ ਨਾਲ ਯੋਗਦਾਨ ਪਾਉਣਗੇ।

ਹਰਦੀਪ ਸਿੰਘ ਮੁੰਡੀਆਂ ਨੇ ਇਹ ਵੀ ਕਿਹਾ ਕਿ ਸੂਬਾ ਸਰਕਾਰ ਨੇ ਲੋਕਾਂ ਨਾਲ ਕੀਤੇ ਜ਼ਿਆਦਾਤਰ ਵਾਅਦੇ ਪੂਰੇ ਕੀਤੇ ਹਨ। ਉਹਨਾਂ ਨੇ ਅੱਗੇ ਕਿਹਾ ਕਿ ਸਰਕਾਰ ਦੇ ਗਠਨ ਤੋਂ ਬਾਅਦ ਲਾਗੂ ਕੀਤੇ ਗਏ ਕਈ ਸੁਧਾਰਾਂ ਦੇ ਨਾਲ ਸਿੱਖਿਆ ਅਤੇ ਸਿਹਤ ਖੇਤਰਾਂ




ਵਿੱਚ ਬੇਮਿਸਾਲ ਵਿਕਾਸ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਸਕੂਲਾਂ ਅਤੇ ਹਸਪਤਾਲਾਂ ਵਿੱਚ ਮਿਆਰੀ ਸੇਵਾਵਾਂ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਅਤਿ-ਆਧੁਨਿਕ ਬੁਨਿਆਦੀ ਢਾਂਚਾ ਸਥਾਪਤ ਕੀਤਾ ਜਾ ਰਿਹਾ ਹੈ। ਲੋਕਾਂ ਦੀ ਬਿਹਤਰ ਸੇਵਾ ਲਈ ਸਿੱਖਿਆ ਅਤੇ ਸਿਹਤ ਵਿਭਾਗਾਂ ਦੇ ਬਜਟ ਵਿੱਚ ਵੀ ਵਾਧਾ ਕੀਤਾ ਗਿਆ ਹੈ।

ਇਸ ਤੋਂ ਇਲਾਵਾ "ਖੇਡਣ ਵਤਨ ਪੰਜਾਬ ਦੀਆਂ" ਪ੍ਰੋਗਰਾਮ ਰਾਹੀਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਵੱਡੀ ਪਹਿਲਕਦਮੀ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ 'ਆਪ' ਪਾਰਟੀ ਦੀ ਸਰਕਾਰ ਬਣਨ ਤੋਂ ਲੈ ਕੇ ਹੁਣ ਤੱਕ 48,000 ਤੋਂ ਵੱਧ ਨੌਜਵਾਨ ਨਿਰਪੱਖ ਅਤੇ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਸਰਕਾਰੀ ਨੌਕਰੀਆਂ ਹਾਸਲ ਕਰ ਚੁੱਕੇ ਹਨ।

ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਰਾਏਕੋਟ ਦੇ ਵਿਧਾਇਕ ਸ੍ਰੀ ਹਾਕਮ ਸਿੰਘ ਠੇਕੇਦਾਰ ਨੇ ਪੰਚਾਇਤ ਮੈਂਬਰਾਂ (ਪੰਚਾਂ) ਨੂੰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਤਨਦੇਹੀ ਨਾਲ ਕੰਮ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਪਿੰਡਾਂ ਦੇ ਵਿਕਾਸ ਲਈ ਸਾਰਿਆਂ ਨੂੰ ਸਾਂਝੇ ਤੌਰ 'ਤੇ ਉਪਰਾਲੇ ਕਰਨ ਦੀ ਲੋੜ ਹੈ।

ਇਸ ਮੌਕੇ ਮਾਰਕਫੈੱਡ ਦੇ ਚੇਅਰਮੈਨ ਅਮਨਦੀਪ ਸਿੰਘ ਮੋਹੀ, ਪੰਜਾਬ ਜੈਨਕੋ ਲਿਮਟਿਡ ਦੇ ਚੇਅਰਮੈਨ ਨਵਜੋਤ ਸਿੰਘ ਜਰਗ, ਗੁਰ-ਦਰਸ਼ਨ ਸਿੰਘ ਧਾਲੀਵਾਲ, ਚੇਅਰਮੈਨ ਜੋਰਾਵਰ ਸਿੰਘ ਮੁੰਡੀਆਂ, ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਡਾ. ਹਰਜਿੰਦਰ ਸਿੰਘ ਬੇਦੀ, ਡੀ.ਡੀ.ਪੀ.ਓ ਨਵਦੀਪ ਕੌਰ ਅਤੇ ਹੋਰ ਵੀ ਹਾਜ਼ਰ ਸਨ।



# ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਤੇ ਨਾਨਕਸਰ ਗੁਰੂਘਰ ਬਰੈਂਪਟਨ ਵਿਖੇ ਵੱਡੀ ਗਿਣਤੀ 'ਚ ਸੰਗਤਾਂ ਨਤਮਸਤਕ ਹੋਈਆਂ









ਬਰੈਂਪਟਨ, 19 ਨਵੰਬਰ (ਸੁਰਜੀਤ ਸਿੰਘ ਫਲੋਰਾ) ਸ੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪ੍ਰਕਾਸ਼ ਪੁਰਬ ਬਰੈਂਪਟਨ ਦੇ ਗੁਰਦਵਾਰਾ ਨਾਨਕਸਰ ਟਿੰਬਰਲੇਨ ਅਤੇ ਉਨਟੈਰੀਉ ਖਾਲਸਾ ਦਰਬਾਰ, ਮਾਲਟਨ ਗੁਰਦਵਾਰਾ ਅਤੇ ਹੋਰ ਸਭ ਕੈਨੇਡਾ ਦੇ ਗੁਰੂਘਰਾਂ ਵਲੋਂ ਸ਼ਰਧਾ ਨਾਲ ਮਨਾਇਆ ਗਿਆ .

ਨਾਨਕਸਰ ਬਰੈਂਪਟਨ ਵਿਖੇ ਪਹਿਲਾਂ 14 ਨਵੰਬਰ ਨੂੰ ਅਰਦਰਾਰਤੀ ਦੇ ਕੀਤਰਨ ਰੱਖੇ ਗਏ ਸਨ ਜੋ ਤਕਰੀਬਨ ਸਾਰੀ ਰਾਤ ਚੱਲਦੇ ਰਹੇ, ਤੇ 15 ਨਵੰਬਰ ਨੂੰ ਸ਼ਾਮੀ ਰੱਖੇ ਗਏ ਪਾਠਾਂ ਦੇ ਭੋਗ ਪੈਣ ਤੋਂ ਬਾਅਦ ਧੁਰ ਕੀ ਬਾਣੀ ਦੇ ਕੀਰਤਨ ਅਤੇ ਗੁਰੂ ਨਾਨਕ ਸਾਹਿਬ ਜੀ ਦੇ ਜੀਵਨ ਤੇ ਕਥਾਂਵਾਚਕਾ ਵਲੋਂ ਉਹਨਾਂ ਦੇ ਜੀਵਨ ਇਤਿਹਾਸ ਵਾਰੇ ਸਾਖੀਆਂ ਕੀਤੀਆਂ।

ਨਾਨਕਸਰ ਗੁਰੂਘਰ ਵਿਖੇ ਵੱਡੀ ਗਿਣਤੀ 'ਚ ਸੰਗਤਾਂ ਨਤਮਸਤਕ ਹੋਏ. ਗੁਰਦਵਾਰੇ ਦੇ ਮੇਨ ਹਾਲ ਖ਼ੂਬਸੂਰਤ ਫੁੱਲਾਂ ਅਤੇ ਹਾਰਾਂ ਨਾਲ ਸਜਾਇਆ ਗਿਆ ਸੀ।ਜੋ ਧੰਨਗੁਰ ਨਾਨਕ ਤੂੰਹੀ ਨਿਰੰਕਾਰ ਸ਼ਬਦਾ ਨਾਲ ਸਜਾਇਆ ਗਿਆ ਸੀ। ਬਾਹਰੋਂ ਚਾਰਦੀਵਾਰੀ ਨੂੰ ਖ਼ੂਬਸੂਰਤ ਰੌਸ਼ਨੀਆਂ ਨਾਲ ਸਜਾਇਆ ਗਿਆ ਸੀ

ਸੰਗਤਾਂ ਵਲੋਂ ਬਾਹਰ ਲਗਾਏ ਗਏ ਤੰਬੂ ਵਿਚ ਦੀਵੇ ਤੇ ਮੋਮਬਤੀਆਂ ਜਗਾ ਕੇ ਖ਼ੂਬਸੂਰਤ ਦ੍ਰਿਸ਼ ਪੇਸ਼ ਕੀਤਾ। ਇਸ ਗੁਰਪੁਰਬ ਦੇ ਖਾਸ ਮੌਕੇ ਤੇ ਬਰੈਪਟਨ ਦੇ ਮੇਅਰ ਪੈਟਰਿਕ ਬਰਾਊਨ ਅਤੇ ਬਰੈਂਪਟਨ ਸਾਊਥ ਤੋਂ ਲਿਬਰਲ ਐਮ ਪੀ ਸੋਨੀਆ ਸਿੱਧੂ ਵੀ ਨਤਮਸਤਕ ਹੋਏ . ਪ੍ਰਬੰਧਕਾਂ ਵਲੋਂ ਉਹਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ . ਜਿਥੇ ਮੇਅਰ ਬਰਾਊਨ ਨੇ ਸਿੱਖ ਭਾਈਚਾਰੇ ਨੂੰ ਗੁਰਪੁਰਬ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਅਸੀਂ ਬਰੈਂਪਟਨ ਵਿਚ ਗੁਰੂ ਨਾਨਕ ਸਾਹਿਬ ਦੇ ਮਾਰਗ ਤੇ ਚੱਲਦੇ ਹੋਏ ਧਰਤੀ ਨੂੰ ਬਚਾਉਣ ਲਈ ਇਕ ਸਾਫ- ਸੁਥਰੇ ਵਾਤਾਵਰਨ ਲਈ ਦਰਖਤਾਂ ਨੂੰ ਹਰ ਸਾਲ ਲਗਾਉਂਦੇ ਹਾਂ। ਜਿਥੇ ਕਿ ਸੋਨੀਆ ਸਿੱਧੂ ਨੇ ਗੁਰੂ ਸਾਹਿਬ ਵਲੋਂ ਦਰਸਾਏ ਸਰਬੱਤ ਦਾ ਭਲਾ, ਨਾਮ ਜਪਨਾ, ਵੰਡ ਕੇ ਛਕਣਾ, ਤੇ ਜੋ ਕਿਸੇ ਵੀ ਧਰਮ, ਜਾਤੀ ਦਾ ਹੋਵੇਂ ਸਭ ਨਾਲ ਮਿਲ-ਵਰਤ ਕੇ ਏਕਤਾ ਦੀ ਗੱਲ ਕੀਤੀ ਅਤੇ ਕਿਹਾ ਕਿ ਜਿਸ ਦੀ ਇਸ ਸਮੇਂ ਬਹੁਤ ਲੋੜ ਹੈ। ਇਸ ਦੇ ਨਾਲ ਹੀ ਗੁਰੂਘਰ ਨਾਨਕਸਰ ਦੀਆਂ ਸੰਗਤਾਂ ਵਲੋਂ ਵੱਖ-ਵੱਖ ਪਦਾਰਥਾਂ ਦੇ ਲੰਗਰ ਲਗਾਏ ਹੋਏ ਸਨ ।

ਭੋਗ ਤੋਂ ਉਪਰੰਤ ਗੁਰੂਘਰ ਦੇ ਮਹੰਤ ਭਾਈ ਸਵਰਨਜੀਤ ਸਿੰਘ ਜੀ ਵਲੋਂ ਸਰਬੱਤ ਦੇ ਭਲੇ ਦੀ ਅਰਦਾਸ ਅਤੇ ਭਾਈ ਸੇਵਾ ਸਿੰਘ ਜੀ ਵਲੋਂ ਸਭ ਸੰਗਤਾਂ ਦਾ ਗੁਰੂਘਰ ਪਹੁੰਚਣ ਤੇ ਧੰਨਵਾਦ ਕੀਤਾ ਗਿਆ।

## ਪੰਚਾਂ ਦਾ ਸਹੁੰ ਚੁੱਕ ਸਮਾਗਮ: ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਜ਼ਿਲ੍ਹੇ ਦੇ 4466 ਪੰਚਾਂ ਨੂੰ ਚੁਕਾਈ ਸਹੁੰ

### ਕਿਹਾ, ਬਿਨਾਂ ਕਿਸੇ ਭੇਦਭਾਵ ਪਿੰਡਾਂ ਦੇ ਸਰਵਪੱਖੀ ਵਿਕਾਸ ਕਾਰਜਾਂ ਵਿੱਚ ਸਹਾਈ ਬਣਨ ਪੰਚਾਇਤਾਂ



ਫਿਰੋਜ਼ਪੁਰ, 19 ਨਵੰਬਰ (ਗਿਆਨ ਸਿੰਘ): ਜ਼ਿਲ੍ਹੇ ਦੇ ਨਵ ਚੁਣੇ ਪੰਚ ਬਿਨਾਂ ਕਿਸੇ ਭੇਦਭਾਵ ਨਾਲ ਪਿੰਡਾਂ ਦੇ ਸਰਵਪੱਖੀ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਅਤੇ ਇਮਾਨਦਾਰੀ ਨਾਲ ਪਿੰਡਾਂ ਦਾ ਵਿਕਾਸ ਕਰਨ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਨੇ ਮਨੋਹਰ ਲਾਲ ਸੀਨੀਅਰ ਸੈਕੰਡਰੀ ਸਕੂਲ ਫਿਰੋਜ਼ਪੁਰ ਛਾਉਣੀ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਹੁੰ ਚੁੱਕ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਵਿਧਾਇਕ ਫਿਰੋਜ਼ਪੁਰ ਸਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਫਿਰੋਜ਼ਪੁਰ ਦਿਹਾਤੀ ਐਡਵੋਕੇਟ ਰਜਨੀਸ਼ ਦਹੀਯਾ, ਵਿਧਾਇਕ ਜ਼ੀਰਾ ਨਰੇਸ਼ ਕਟਾਰੀਆਂ ਅਤੇ ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ ਵੀ ਮੌਜੂਦ ਸਨ।

ਸਹੁੰ ਚੁੱਕ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਨੇ ਨਵੇਂ ਚੁਣੇ ਗਏ ਸਮੂਹ ਪੰਚਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਿੰਡ ਪੰਚਾਇਤ ਪਿੰਡ ਪੱਧਰ ਤੇ ਅਹਿਮ ਭੂਮਿਕਾ ਨਿਭਾਉਂਦੀ ਹੈ ਅਤੇ ਪਿੰਡਾਂ ਦੇ ਵਿਕਾਸ ਕਾਰਜਾਂ ਦੇ ਨਾਲ-ਨਾਲ ਪਿੰਡਾਂ ਵਿੱਚ ਛੋਟੇ ਝਗੜਿਆਂ ਦਾ ਨਿਪਟਾਰਾ ਵੀ ਕਰਦੀ ਹੈ। ਇਹ ਸਭ ਤਾਂ ਹੀ ਸੰਭਵ ਹੈ ਜੇਕਰ ਪਿੰਡ ਦੀ ਪੰਚਾਇਤ ਇਮਾਨਦਾਰੀ ਨਾਲ ਕੰਮ ਕਰੇ ਅਤੇ ਸਾਰੇ ਮੈਂਬਰਾਂ ਦੀ ਸਹਿਮਤੀ ਦੇ ਨਾਲ ਫੈਸਲੇ ਲਵੇ। ਇਸ ਲਈ ਸਮੂਹ ਪੰਚਾਇਤਾਂ ਨੂੰ ਇਮਾਨਦਾਰੀ ਨਾਲ ਕੰਮ ਕਰਨਾ ਚਾਹੀਦਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਅੱਜ ਜ਼ਿਲ੍ਹੇ ਦੇ 6 ਬਲਾਕਾਂ ਦੇ 4466 ਪੰਚਾਂ ਨੂੰ ਕਾਨੂੰਨ ਦੁਆਰਾ ਸਥਾਪਿਤ ਭਾਰਤ ਦੇ ਸੰਵਿਧਾਨ ਪ੍ਰਤੀ ਸੱਚੀ ਸਰਧਾ ਅਤੇ ਨਿਸ਼ਠਾ ਰੱਖਣ, ਬਿਨਾਂ ਕਿਸੇ ਡਰ, ਪੱਖਪਾਤ, ਸੰਦੇਹ ਅਤੇ ਭਾਰਤ ਦੇ ਸੰਵਿਧਾਨ ਅਤੇ ਕਾਨੂੰਨ ਮੁਤਾਬਿਕ ਨਿਆਂ ਕਰਨ ਦੀ ਸਹੁੰ ਚੁਕਾਈ ਗਈ ਹੈ। ਲੋਕਾਂ ਨੇ ਨਵੇਂ ਚੁਣੇ ਗਏ ਪੰਚਾਂ ਤੇ ਵਿਸਵਾਸ਼ ਜਤਾਇਆ ਹੈ ਅਤੇ ਹੁਣ ਪਿੰਡ ਪੰਚਾਇਤ ਦੀ ਜਿੰਮੇਵਾਰੀ ਹੈ ਕਿ ਲੋਕਾਂ ਦੇ ਵਿਸਵਾਸ਼ ਤੇ ਖਰ੍ਹੇ ਉੱਤਰ ਕੇ ਪਿੰਡ ਦੇ ਵਿਕਾਸ ਲਈ ਯੋਗਦਾਨ ਦੇਣ।

ਇਸ ਤੋਂ ਪਹਿਲਾਂ ਵਿਧਾਇਕ ਜ਼ੀਰਾ ਨਰੇਸ਼ ਕਟਾਰੀਆਂ, ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ, ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ ਦਹੀਯਾ ਅਤੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਵੀ ਸਮੂਹ ਪੰਚਾਂ ਨੂੰ ਵਧਾਈ ਦਿੰਦਿਆਂ ਆਪਣਾ ਕੰਮ ਇਮਾਨਦਾਰੀ ਅਤੇ ਪਾਰਦਰਸ਼ੀ ਢੰਗ ਨਾਲ ਕਰਨ ਲਈ ਪ੍ਰੇਰਿਤ ਕੀਤਾ।

ਇਸ ਦੌਰਾਨ ਸਵੱਛ ਭਾਰਤ ਮਿਸ਼ਨ ਤਹਿਤ ਪਖਾਨੇ ਬਣਾਉਣ ਦੇ 7 ਲਾਭਪਾਤਰੀਆਂ ਨੂੰ ਪ੍ਰਵਾਨਗੀ ਪੱਤਰ ਵੀ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਦਿੱਤੇ ਗਏ। ਅਖੀਰ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਐੱਸ.ਐੱਸ.ਪੀ. ਮੈਡਮ ਸੋਮਿਆ ਮਿਸ਼ਰਾ, ਵਧੀਕ ਡਿਪਟੀ ਕਮਿਸ਼ਨਰ (ਜ.) ਡਾ. ਨਿਧੀ ਕੁਮੁਦ ਬੰਬਾਹ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਲਖਵਿੰਦਰ ਸਿੰਘ ਰੰਧਾਵਾ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਹਰਜਿੰਦਰ ਸਿੰਘ, ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਥਿੰਦ, ਚੇਅਰਮੈਨ ਮਾਰਕਿਟ ਕਮੇਟੀ ਬਲਰਾਜ ਸਿੰਘ ਕਟੋਰਾ, ਜੁਆਇੰਟ ਸਟੇਟ ਸਕੱਤਰ ਭੁਪਿੰਦਰ ਕੌਰ ਸੰਧੂ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਪੰਚ ਤੇ ਸਮਾਜ ਦੇ ਪਤਵੰਤੇ ਸੱਜਣ ਹਾਜ਼ਰ ਸਨ।

## ਰੋਜ਼ਗਾਰ ਉਤਪਤੀ ਮੰਤਰੀ ਨੇ 2486 ਨਵੇਂ ਚੁਣੇ ਪੰਚਾਂ ਨੂੰ ਅਹੁਦੇ ਦੀ ਸਹੁੰ ਚੁਕਾਈ



ਮੋਗਾ, 19 ਨਵੰਬਰ (ਗਿਆਨ ਸਿੰਘ): ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਪੰਚਾਇਤਾਂ ਨੂੰ ਪਿੰਡ ਪੱਧਰੀ ਵਿਵਾਦਾਂ ਨੂੰ ਆਪਸੀ ਸਹਿਮਤੀ ਨਾਲ ਸੁਲਝਾਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਪੰਚਾਇਤਾਂ ਨੂੰ ਆਪਣੇ ਪਿੰਡਾਂ ਨੂੰ ਨਸ਼ਾ ਮੁਕਤ ਕਰਕੇ 'ਨਸ਼ਾ ਮੁਕਤ ਪੰਜਾਬ ਮਿਸ਼ਨ' ਨਾਲ ਜੁੜਨ ਦਾ ਸੱਦਾ ਦਿੱਤਾ।

ਉਹ ਅੱਜ ਪਿੰਡ ਲੁਹਾਰਾ ਦੇ ਫੱਕਰ ਬਾਬਾ ਦਾਮੂ ਸ਼ਾਹ ਸਟੇਡੀਅਮ ਵਿੱਚ ਜ਼ਿਲ੍ਹਾ ਪੱਧਰੀ ਸਹੁੰ ਚੁੱਕ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ, ਜਿੱਥੇ ਉਨ੍ਹਾਂ ਮੋਗਾ ਜ਼ਲ੍ਹਿ ਦੀਆਂ 340 ਗ੍ਰਾਮ ਪੰਚਾਇਤਾਂ ਵਿੱਚੋਂ 2486 ਨਵੇਂ ਚੁਣੇ ਗਏ ਪੰਚਾਇਤ ਮੈਂਬਰਾਂ (ਪੰਚਾਂ) ਨੂੰ ਅਹੁਦੇ ਦੀ ਸਹੁੰ ਚੁਕਾਈ। ਅਮਨ ਅਰੋੜਾ ਨੇ ਨਵੇਂ ਚੁਣੇ ਗਏ ਪੰਚਾਇਤ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਸਿਆਸੀ ਧੜੇਬੰਦੀ ਤੋਂ ਉਪਰ ਉਠ ਕੇ ਕੰਮ ਕਰਨ ਦੀ ਅਪੀਲ ਕੀਤੀ।

ਉਹਨਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਪੰਚਾਇਤਾਂ ਨੂੰ ਫ਼ੈਸਲੇ ਲੈਣ ਦੀ ਪ੍ਰਕਿਰਿਆ ਵਿੱਚ ਆਮ ਨਾਗਰਿਕਾਂ ਨੂੰ ਸ਼ਾਮਲ ਕਰਕੇ ਪੇਂਡੂ ਖੇਤਰਾਂ ਵਿੱਚ ਜੀਵਨ ਪੱਧਰ ਨੂੰ ਹੋਰ ਸੁਧਾਰਨ 'ਤੇ ਧਿਆਨ ਦੇਣਾ ਚਾਹੀਦਾ ਹੈ, ਜਿਸ ਨਾਲ ਸਥਾਨਕ ਮੁੱਦਿਆਂ ਨੂੰ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਵਿੱਚ ਮਦਦ ਮਿਲੇਗੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਿਹਤ, ਸਿੱਖਿਆ, ਰੋਜ਼ਗਾਰ ਅਤੇ ਲੋਕ ਭਲਾਈ ਦੇ ਖੇਤਰਾਂ ਵਿੱਚ ਵਿਕਾਸ ਦੇ ਇੱਕ ਨਵੇਂ ਯੁੱਗ ਦਾ ਆਗਾਜ਼ ਕੀਤਾ ਹੈ। ਉਨ੍ਹਾਂ ਨੇ ਪੰਚਾਇਤਾਂ ਨੂੰ ਆਪਣੇ ਪਿੰਡਾਂ ਦੀ ਕਾਇਆ ਕਲਪ ਕਰਨ ਲਈ ਪਹਿਲਕਦਮੀ ਕਰਨ ਲਈ ਪ੍ਰੇਰਿਆ, ਜਿਸ ਨਾਲ ਪੰਜਾਬ ਅਤੇ ਪੰਜਾਬੀ ਸੱਭਿਆਚਾਰ ਦਾ ਮਾਣ ਵਧੇਗਾ। ਉਹਨਾਂ ਕਮਿਊਨਿਟੀ ਪ੍ਰੋਜੈਕਟਾਂ ਅਤੇ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਮਨਰੇਗਾ ਫ਼ੰਡਾਂ ਦੀ ਵਰਤੋਂ ਕਰਨ ਦੀ ਮਹੱਤਤਾ ਨੂੰ ਵੀ ਉਜਾਗਰ ਕੀਤਾ।

ਇਸ ਮੌਕੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ, ਮਨਜੀਤ ਸਿੰਘ ਬਿਲਾਸਪੁਰ ਅਤੇ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਵੀ ਸੰਬੋਧਨ ਕੀਤਾ। ਇਸ ਤੋਂ ਇਲਾਵਾ ਇਸ ਮੌਕੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ, ਐਸ.ਐਸ.ਪੀ. ਅਜੇ ਗਾਂਧੀ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।


CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 6000947

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

Capital DRUG TESTING
CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

The Mortgage Centre
We work for *you*, not the lenders.




Debt Consolidation
Renovations & Repairs
Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com

CALL JAG FOR A QUICK & FREE HOME EVALUATION
www.BramptonTopRealtor.com www.BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

NEW Listing in "BRAMPTON"
Hwy 10/Sandalwood/Braidwood
50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੁਇਟ ਅਤੇ Walk-in ਕਲੋਜ਼ਿਟ, No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੋਪ, 64"Built-in Fridge, Extra furnance, Heated Garage, Sec camera, storage in backyard.

Listed in "BRAMPTON"
Bovaird/Mclaughlin/Fletchers Creek Blvd
2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੈਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੁਇਟ, Walk-in ਕਲੋਜ਼ਿਟ, Laundary on 2nd ਫਲੋਰ ਅਤੇ ਬੇਸਮੈਂਟ। Newly ਅਪਗਰੇਡਿਡ।

Listed in "MISSISSAUGA"
Burnhamthorpe/Confederation
900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀੱਚਨ ਕੇਬਨਿਟ, ਨਵਾਂ ਪੇਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.

NEW Listing in "BRAMPTON"
Chinguacousy/Williams Pkwy/Bovaird
ਡਿਟੈਚਡ ਹਾਊਸ Approx. 2000sq.ft. 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੈਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੁਇਟ ਅਤੇ Walk-in ਕਲੋਜ਼ਿਟ, Electric Fireplace, Extended concreted ਡਰਾਈਵੇਅ, storage in backyard, pond & more.

Listed in "BRAMPTON"
Bramalea/Queen St/Hwy 7
1301 sq.ft. Corner End-Unit Apartment 3 ਬੈਡਰੂਮ + 2 ਵਾਸ਼ਰੂਮ 1 ਕਾਰ ਪਾਰਕਿੰਗ + ਸਟੋਰੇਜ ਨਾਲ, ਲੈਮੀਨੇਟ ਅਤੇ ਸਿਰਾਮਿਕ ਫਲੋਰ, No ਕਾਰਪੇਟ। Huge ਕੀੱਚਨ, ਮਾਸਟਰ ਬੈਡਰੂਮ with 2-ਪੀਸ ਇਨਸੁਇਟ ਅਤੇ ਖੁੱਲੀ ਕਲੋਜ਼ਿਟ, Walking distance to Bramalea City Centre & more.

SOLD in "BRAMPTON"
Clarkway/Cottrelle/Hwy 50
2100 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 4 ਵਾਸ਼ਰੂਮ 2 ਬੈਡਰੂਮ, ਫਿਨੀਸ਼ਡ ਬੇਸਮੈਂਟ, 9 ਫੁੱਟ ਸੀਲਿੰਗ, Quartz ਕਾਊਂਟਰਟੋਪ, 5-ਪੀਸ ਇਨਸੁਇਟ ਅਤੇ His & Her ਕਲੋਜ਼ਿਟ, Laundary on ਮੇਨ ਫਲੋਰ ਅਤੇ ਬੇਸਮੈਂਟ ਵਿੱਚ। ਸਹੂਲਤਾਂ ਦੇ ਬਹੁਤ ਨੇੜੇ: ਗਰਸਰੀ ਸਟੋਰ, Shoppers, Pizza Pizza & more.

FREE
✓ Full MLS Services
✓ Consistently Marketing Your Property Until SOLD
✓ Staging Consultation
✓ Billboard, Flyer, Newspaper
✓ Online Promotion
✓ Professional Pictures and Virtual Tour
✓ Social media & Radio Advertisement
✓ Open House Until Sold
✓ Competitive Rates, Exceptional Service & Award Winning Results

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA
416-669-1423
www.purbahomes.com